SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit **punjabipost.ca/epaper** | Vol 22* Issue 47 | Wednesday, March 08, 2023 | Tel: 905-793-2202 | Fax: 905-793-2282 | news@punjabipost.ca | *ਤੁਸੀਂ 'ਪੰਜਾਬੀ ਪੋਸਟ' Online ਰੋਜ਼ਾਨਾ ਪੜ੍ਹ ਸਕਦੇ ਹੋ*

## ਕੈਨੇਡਾ ਤੋਂ ਅਮਰੀਕਾ ਵਿਚ ਕਿਸ਼ਤੀ ਰਾਹੀਂ ਦਾਖਲ ਹੋਣ ਦੀ ਕੋਸ਼ਿਸ਼ ਵਿੱਚ 2 ਭਾਰਤੀਆਂ ਸਮੇਤ 5 ਗ੍ਰਿਫ਼ਤਾਰ

ਸੈਕਰਾਮੈਂਟੋ, 7 ਮਾਰਚ (ਹੁਸਨ ਲੜੋਆ ਬੰਗਾ): ਅਮਰੀਕੀ ਸਰਹੱਦੀ ਗਸ਼ਤੀ ਦਲ ਨੇ ਗੈਰ ਕਾਨੂੰਨੀ ਤਰੀਕੇ ਨਾਲ ਕਿਸ਼ਤੀ ਰਾਹੀਂ ਕੈਨੇਡਾ ਤੋਂ ਅਮਰੀਕਾ ਵਿਚ ਦਾਖਲ ਹੋਣ ਦੀ ਕੋਸ਼ਿਸ਼ ਵਿੱਚ 5 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ ਜਿਨਾਂ ਵਿਚ 2 ਭਾਰਤੀ ਹਨ। ਯੂ ਐਸ ਬਾਰਡਰ ਐਂਡ ਕਸਟਮਜ਼ ਪ੍ਰੋਟੈਕਸ਼ਨ (ਸੀ ਬੀ ਪੀ) ਨੇ ਜਾਰੀ ਇਕ ਬਿਆਨ ਵਿਚ ਕਿਹਾ ਹੈ ਕਿ ਅਮਰੀਕਾ ਦੇ ਮਿਸ਼ੀਗਨ ਰਾਜ ਵਿਚ ਐਲਗੋਨੈਕ ਨੇੜੇ ਤਸਕਰੀ ਦੀ ਕੋਸ਼ਿਸ਼ ਸਮੇ 5 ਵਿਦੇਸ਼ੀਆਂ ਨੂੰ ਹਿਰਾਸਤ ਵਿਚ ਲਿਆ ਗਿਆ ਹੈ। ਬਿਆਨ ਅਨੁਸਾਰ ਬੀਤੇ ਦਿਨ ਰਾਤ ਵੇਲੇ ਤਸਕਰੀ ਦੇ ਜਾਣੇ ਪਛਾਣੇ ਇਕ ਰਸਤੇ ਨੇੜੇ ਸੇਂਟ




ਕਲੇਅਰ ਦਰਿਆ ਵਿੱਚ ਕਿਸ਼ਤੀ ਰਾਹੀਂ ਕੌਮਾਂਤਰੀ ਸਰਹੱਦ ਪਾਰ ਕਰਦੇ ਕੁਝ ਲੋਕਾਂ ਨੂੰ ਨਿਗਰਾਨ ਪ੍ਰਣਾਲੀ ਦੁਆਰਾ ਵੇਖਿਆ ਗਿਆ। ਤੁਰੰਤ ਖੇਤਰ ਵਿਚਲੇ ਸੁਰੱਖਿਆ ਅਮਲੇ ਨਾਲ ਸੰਪਰਕ ਕੀਤਾ ਗਿਆ ਜਿਨਾਂ ਨੇ ਅਮਰੀਕਾ ਵਾਲੇ ਪਾਸੇ ਕੰਢੇ ਵਲ ਰਹੀ ਕਿਸ਼ਤੀ ਨੂੰ ਘੇਰ ਲਿਆ। ਕਿਸ਼ਤੀ ਵਿਚ ਸਵਾਰ 5 ਵਿਅਕਤੀਆਂ ਨੇ ਮੰਨਿਆ ਕਿ ਉਨ੍ਹਾਂ ਨੇ ਕੈਨੇਡਾ ਤੋਂ ਸਰਹੱਦ ਪਾਰ ਕੀਤੀ ਹੈ। ਗ੍ਰਿਫਤਾਰੀ ਸਮੇ 2 ਵਿਅਕਤੀਆਂ ਦੀ ਹਾਲਤ ਬਹੁਤ ਖਰਾਬ ਸੀ ਤੇ ਉਹ ਠੰਡ ਕਾਰਨ ਕੰਬ ਰਹੇ ਸਨ। ਉਨਾਂ ਦਸਿਆ ਕਿ ਉਹ ਅਚਾਨਕ ਕਿਸ਼ਤੀ ਵਿਚੋਂ ਦਰਿਆ ਵਿਚ ਡਿੱਗ ਗਏ ਸਨ। ਇਨਾਂ ਨੂੰ ਹਿਰਾਸਤ ਵਿਚ ਲੈ ਕੇ ਸਥਾਨਕ ਪ੍ਰਾਸੈਸਿੰਗ ਸੈਂਟਰ ਵਿਚ ਭੇਜ ਦਿੱਤਾ ਗਿਆ ਹੈ। ਯੂ ਐਸ ਬਾਰਡਰ ਐਂਡ ਕਸਟਮਜ਼ ਪ੍ਰੋਟੈਕਸ਼ਨ ਨੇ ਗ੍ਰਿਫ਼ਤਾਰ ਵਿਅਕਤੀਆਂ ਦੇ ਨਾਂ ਨਹੀਂ ਦਸੇ ਹਨ ਤੇ ਕਿਹਾ ਹੈ ਕਿ ਇਨਾਂ ਵਿਚ 2 ਭਾਰਤੀ ਤੇ ਬਾਕੀ 3 ਜਣੇ ਨਾਈਜੀਰੀਆ, ਮੈਕਸੀਕੋ ਤੇ ਡੋਮੀਨੀਕਨ ਰਿਪਬਲੀਕਨ ਤੋਂ ਹਨ।

## ਮੁਨਾਫਾ ਕਮਾ ਰਹੇ ਗਰੌਸਰੀ ਸਟੋਰਜ਼ ਦੇ ਸੀਈਓਜ਼ ਐਮਪੀਜ਼ ਸਾਹਮਣੇ ਹੋਣਗੇ ਪੇਸ਼

ਓਟਵਾ, 7 ਮਾਰਚ (ਪੋਸਟ ਬਿਊਰੋ) : ਕੈਨੇਡਾ ਦੇ ਸੱਭ ਤੋਂ ਵੱਡੇ ਗ੍ਰੌਸਰੀ ਸਟੋਰਜ਼ ਦੇ ਸੀਈਓਜ਼ ਨੂੰ ਲੰਮੇਂ ਹੱਥੀਂ ਲੈਣ ਲਈ ਐਮਪੀਜ਼ ਪੂਰੀ ਤਰ੍ਹਾਂ ਤਿਆਰ ਹਨ। ਮਾਹਿਰਾਂ ਦਾ ਮੰਨਣਾ ਹੈ ਕਿ ਐਮਪੀਜ਼ ਇਹ ਪਤਾ ਲਾਉਣਾ ਚਾਹੁੰਦੇ ਹਨ ਕਿ ਮੰਦਵਾੜੇ ਦੇ ਇਸ ਦੌਰ ਵਿੱਚ ਗਰੌਸਰੀ ਸਟੋਰਜ਼ ਐਨੀ ਕਮਾਈ ਕਿਵੇਂ ਕਰ ਰਹੇ ਹਨ। ਐਮਪੀਜ਼ ਇਸ ਮਾਮਲੇ ਵਿੱਚ ਪੂਰੀ ਪਾਰਦਰਸ਼ਤਾ ਲਿਆਉਣੀ ਚਾਹੁੰਦੇ ਹਨ।

ਖਾਣੇ ਦੀਆਂ ਕੀਮਤਾਂ ਵਿੱਚ ਲਗਾਤਾਰ ਹੋ ਰਹੇ ਵਾਧੇ ਦੇ ਅਧਿਐਨ ਦੇ ਹਿੱਸੇ ਵਜੋਂ ਬੁੱਧਵਾਰ ਨੂੰ ਲੋਬਲਾਅ ਕੌਸ ਲਿਮਟਿਡ, ਮੈਟਰੋ ਇਨਕਾਰਪੋਰੇਸ਼ਨ ਤੇ ਐਂਪਾਇਰ ਕੋ• ਲਿਮਟਿਡ, ਜੋ ਕਿ ਸੋਬੇਅਜ਼, ਸੇਫਵੇਅ ਤੇ ਫਰੈਸਕੋ ਵਰਗੀਆਂ ਚੇਨਜ਼ ਆਪਰੇਟ ਕਰਦੇ ਹਨ, ਦੇ



ਸੀਈਓ ਤੇ ਪ੍ਰੈਜ਼ੀਡੈਂਟ ਹਾਊਸ ਆਫ ਐਗਰੀਕਲਚਰ ਕਮੇਟੀ ਸਾਹਮਣੇ ਗਵਾਹੀ ਦੇਣਗੇ। ਇੱਥੇ ਦੱਸਣਾ ਬਣਦਾ ਹੈ ਕਿ ਹੋਰਨਾਂ ਕੰਪਨੀਆਂ ਦੇ ਸੀਈਓਜ਼ ਪਹਿਲਾਂ ਹੀ ਐਮਪੀਜ਼ ਸਾਹਮਣੇ ਇਸ ਸਬੰਧ ਵਿੱਚ ਆਪਣਾ ਪੱਖ ਰੱਖ ਚੁੱਕੇ ਹਨ।

ਪਰ ਐਨਡੀਪੀ ਵੱਲੋਂ ਉਚੇਚੇ ਤੌਰ ਉੱਤੇ ਇਸ ਗੱਲ ਉੱਤੇ ਇਤਰਾਜ਼ ਪ੍ਰਗਟਾਇਆ ਗਿਆ ਸੀ ਕਿ ਇਸ ਮਾਮਲੇ ਵਿੱਚ ਸੀਈਓਜ਼ ਵੱਲੋਂ ਖੁਦ ਗਵਾਹੀ ਕਿਉਂ ਨਹੀਂ ਦਿੱਤੀ ਜਾਂਦੀ। ਇੰਡਸਟਰੀ ਦੇ ਆਗੂਆਂ ਦਾ ਪੱਖ ਜਾਨਣ ਦਾ ਇਹ ਪ੍ਰਸਤਾਵ ਪਾਰਟੀ ਦੇ ਐਗਰੀਕਲਚਰ ਕ੍ਰਿਟਿਕ ਐਲਿਸਟੇਅਰ ਮੈਕਗ੍ਰੈਗਰ ਦਾ ਸੀ ਤੇ ਇਸ ਨੂੰ ਕਮੇਟੀ ਵਿੱਚ ਮੌਜੂਦ ਲਿਬਰਲ, ਕੰਜ਼ਰਵੇਟਿਵ ਤੇ ਬਲਾਕ ਕਿਊਬਿਕੁਆ ਦੇ ਐਮਪੀਜ਼ ਵੱਲੋਂ ਭਰਵਾਂ ਸਮਰਥਨ ਮਿਲਿਆ।

## ਬਰੈਂਪਟਨ ਤੇ ਮਿਸੀਸਾਗਾ ਦੇ ਸਕੂਲਾਂ ਨੂੰ ਮਿਲ ਰਹੀਆਂ ਧਮਕੀਆਂ ਦੀ ਜਾਂਚ ਕਰ ਰਹੀ ਹੈ ਪੁਲਿਸ

ਬਰੈਂਪਟਨ, 7 ਮਾਰਚ (ਪੋਸਟ ਬਿਊਰੋ) : ਮਿਸੀਸਾਗਾ ਤੇ ਬਰੈਂਪਟਨ ਦੇ ਕਈ ਹਾਈ ਸਕੂਲਾਂ ਨੂੰ ਸ਼ੂਟਿੰਗ ਸਬੰਧੀ ਮਿਲੀਆਂ ਆਨਲਾਈਨ ਧਮਕੀਆਂ ਦੇ ਮਾਮਲੇ ਦੀ ਪੀਲ ਪੁਲਿਸ ਵੱਲੋਂ ਜਾਂਚ ਕੀਤੀ ਜਾ ਰਹੀ ਹੈ।

ਪੁਲਿਸ ਨੇ ਦੱਸਿਆ ਕਿ ਉਨ੍ਹਾਂ ਨੂੰ ਸੋਸ਼ਲ ਮੀਡੀਆ ਉੱਤੇ ਦਿੱਤੀਆਂ ਗਈਆਂ ਇਨ੍ਹਾਂ ਧਮਕੀਆਂ ਬਾਰੇ ਪਿਛਲੇ ਹਫਤੇ ਪਤਾ ਲੱਗਿਆ। ਇਹ ਧਮਕੀਆਂ ਅਜਿਹੇ ਸ਼ਖ਼ਸ ਵੱਲੋਂ ਦਿੱਤੀਆਂ ਗਈਆਂ ਹਨ ਜਿਹੜਾ ਆਖ ਰਿਹਾ ਹੈ ਕਿ ਉਹ ਸ਼ੁੱਕਰਵਾਰ ਨੂੰ ਪੀਲ ਰੀਜਨ ਦੇ ਛੇ ਸੈਕੰਡਰੀ ਸਕੂਲਾਂ ਵਿੱਚ ਜਾਵੇਗਾ ਤੇ ਸ਼ੂਟਿੰਗ ਨੂੰ ਅੰਜਾਮ ਦੇਵੇਗਾ। ਜਿਨ੍ਹਾਂ ਸਕੂਲਾਂ ਨੂੰ ਇਹ ਧਮਕੀ ਮਿਲੀ ਹੈ ਉਨ੍ਹਾਂ ਵਿੱਚ ਹੋਲੀ ਨੇਮ ਆਫ ਮੇਰੀ ਸੈਕੰਡਰੀ ਸਕੂਲ, ਲੂਈ ਆਰਬਰ ਸੈਕੰਡਰੀ ਸਕੂਲ, ਸੇਂਟ ਥਾਮਸ ਐਕੁਈਨਾਸ ਸੈਕੰਡਰੀ ਸਕੂਲ,




ਨੌਤਰੇ ਡੇਮ ਸੈਕੰਡਰੀ ਸਕੂਲ, ਚਿੰਗੁਆਕਸੇ ਸੈਕੰਡਰੀ ਸਕੂਲ ਤੇ ਅਸੈਂਨਸਨ ਆਫ ਆਰ ਲੌਰਡ ਸੈਕੰਡਰੀ ਸਕੂਲ ਸ਼ਾਮਲ ਹਨ।

ਪੁਲਿਸ ਨੇ ਆਖਿਆ ਕਿ ਉਹ ਇਨ੍ਹਾਂ ਧਮਕੀਆਂ ਨੂੰ ਗੰਭੀਰਤਾ ਨਾਲ ਲੈ ਰਹੀ ਹੈ। ਇਸ ਲਈ ਉਸ ਵੱਲੋਂ ਡਫਰਿਨ ਪੀਲ ਕੈਥੋਲਿਕ ਡਿਸਟ੍ਰਿਕਟ ਸਕੂਲ ਤੇ ਪੀਲ ਡਿਸਟ੍ਰਿਕਟ ਸਕੂਲ ਬੋਰਡ ਦੇ ਅਧਿਕਾਰੀਆਂ ਨਾਲ ਸੇਫਟੀ ਪਲੈਨਜ਼ ਤੇ ਰਣਨੀਤੀ ਵੀ ਉਲੀਕੀ ਜਾ ਰਹੀ ਹੈ। ਪੁਲਿਸ ਨੇ ਇਹ ਵੀ ਆਖਿਆ ਕਿ ਉਹ ਇਨ੍ਹਾਂ ਧਮਕੀਆਂ ਦੇ ਸਰੋਤ ਦਾ ਪਤਾ ਲਾਉਣ ਦੀ ਵੀ ਕੋਸ਼ਿਸ਼ ਕਰ ਰਹੀ ਹੈ।

NOW HIRING !!!
ALLKIND INSURANCE
- Life Insurance
- Critical illness Ins
- Travel & Visitor Ins
- RESP & TFSA & RRSP
- Super Visa Insurance
- Mortgage Insurance
- Disability Insurance
- Funeral Insurance
SIMRAN SAINI
416.994.7272
www.allkindinsurance.com

ਨੈਨੀ ਦੀ ਲੋੜ
ਬਰੈਂਪਟਨ ਵਿਚ ਘਰ ਦਾ ਕੰਮ ਕਰਨ ਲਈ ਨੈਨੀ ਦੀ ਲੋੜ ਹੈ।
ਸੰਪਰਕ ਕਰੋ:
416-556-6884

INSURANCE
- Home
- Auto
- Business
- Trucking
- Life Insurance
- Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

SUPER VISA INSURANCE EXPERTS
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca
Punjab Insurance Inc
- Disability Insurance
- Mortgage Insurance
- Life Insurance
- Visitor & Travel Insurance
- RESP(Education Plan)
- Critical Illness Insurance
RANJIT GILL
Insurance Advisor
416-724-5000

GURBIR CHAHAL
Sales Representative
416.566.7605
gurbir.chahal@yahoo.com
ROYAL LEPAGE Flower City Realty Off: 905.230.3100

ਰੈਸਟੋਰੈਂਟ ਪੈਟਿਓ ਫੂਡ ਕਾਊਂਟਰ
ਗਰਮੀਆਂ ਵਿੱਚ ਪਰਾਫਿਟ ਲਈ ਸੁਨਹਿਰਾ ਮੌਕਾ
$10,000 per month Profit
Free Training, Equipement, Place and Utilities
1 ਮਈ ਤੋਂ 31 ਅਕਤੂਬਰ ਤੱਕ ਕਾਂਟਰੈਕਟ ਜਾਂ ਲੀਜ਼ ਕਰੋ:
Call Kumar: 437-925-4585
Email: startup2023abusiness@gmail.com

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill
Certified & Licenced Exterminator

OURR HOME & APPLIANCES
SPRING DEALS ON LUXURY APPLIANCES
DEALS
Early Spring Deals
$1699* $2999* $299* $4699* $2999* $199
Authorized Dealer for ALL MAJOR BRANDS
HURRY NOW
KitchenAid moffat MAYTAG LG Electrolux JENNAIR GE AMANA BOSCH Whirlpool SAMSUNG FRIGIDAIRE CAPITAL
UNIT #1, 241 CLARENCE ST BRAMPTON, ON L6W 3E7 (416) 551 3343
44 FASKEN DR. #2-9 ETOBICOKE, ON M9W 5M8 (416) 792-0877
UNIT #6 410 LEWIS RD, STONEY CREEK, ON L8E 5Y7 (905) 643 0818
UNIT #4 -1540 FANSHAWE PARK ROAD WEST LONDON, ON N6H 5L8 (519) 641-1010
5781 HIGHWAY 7 UNIT 10, VAUGHAN, ON L4L 1T8 (416) 477 5556
1050 SPEERS ROAD, OAKVILLE, ON, L6L 2X4 (416) 613 0555
416-551-5553
WWW.OURRHOMEAPPLIANCES.COM

AUTO & HOME INSURANCE
- Super visa Insurance
- Life & Disability
- Critical illness
- RESP
- Visitor & Travel insurance
(416-845-1352)
Manwinder Mangat
Axcel InsuranceBrokers Ltd. 1332 Khalsa Dr, Unit # 11, Mississauga, ON L5S 0A2

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

HELPING YOU PLAN TODAY...FOR TOMORROW
- Supervisa / Visitor Insurance
- Life /Mortgage/Funeral Insurance
- Disability Insurance
- Critical Illness Insurance
- RESP /RRSP
www.ufsinsurance.com
JATINDERBIR S BAJWA
Insurance Broker
Dir: 647-928-4990
# 25-831 Bovarid Dr. W. Brampton, ON L6X0T9 | www.ufsinsurance.com

KELLEY LAW OFFICE
- Immigration
- Family Law
- Corporate
- Power of Attorney/Affidavit /Attestations
- Real Estate
- Business Closing
- Wills & Estate
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
Barrister, Solicitor & Notary Public
905-362-0755

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control Inc
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Royal Pest Control
Residential Commercial Industrial
Specialist in Bedbugs Service
All Pest Control :
- Mouse & Rats
- Cockroaches
- Spiders & Fleas
- Carpenter Ants
- Bedbugs
- Silver Fish
- Wasps
- Racoons
Call : PARESH PATEL
(Government Approved Licensed Technician)
416 938 4598

Canada Consumer Credit Assistance ਕਰਜ਼ਾ ਰਹਿਤ ਜਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

CN Forklift Training Center
Counterbalance All Types · Walkie pallet Low Lift · Electric Motor Narrow Aisle Reach · Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan
Certified Instructor

A-One Drivers
TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਫਰੀ ਪਿਕਅਪ
Best Rates For Lessons
- ਮੁਫਤ ਪਿਕਅਪ ਅਤੇ ਡਰਾਪ ਆਫ਼
- ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
- ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
- ਵਾਜਿਬ ਕੀਮਤ
ਲੇਡੀ ਇੰਸਟ੍ਰਕਟਰ
647-998-7500
ਬਲਵਿੰਦਰ

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
Avon Financial Inc.
Brokerage Lic. 12538
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
- Real Estate Law
- Wills & Estate
- Power of Attorney
- Affidavits Notarization / Declaration
- Business Law
- Family Law
- Civil Litigation
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਹਥਿਆਰਬੰਦ ਕਿਡਨੈਪਿੰਗ ਦੀ ਕੋਸ਼ਿਸ਼ ਕਰਨ ਵਾਲੇ ਮਸ਼ਕੂਕਾਂ ਦੀ ਭਾਲ ਕਰ ਰਹੀ ਹੈ ਪੁਲਿਸ

ਵਾਅਨ, 7 ਮਾਰਚ (ਪੋਸਟ ਬਿਊਰੋ) : ਪਿਛਲੇ ਹਫਤੇ ਵਾਅਨ ਵਿੱਚ ਹਥਿਆਰਬੰਦ ਕਿਡਨੈਪਿੰਗ ਦੀ ਕੋਸ਼ਿਸ਼ ਵਿੱਚ ਸ਼ਾਮਲ ਦੋ ਮਸ਼ਕੂਕਾਂ ਦੀ ਭਾਲ ਯੌਰਕ ਰੀਜਨ ਦੀ ਪੁਲਿਸ ਵੱਲੋਂ ਕੀਤੀ ਜਾ ਰਹੀ ਹੈ।




ਇਹ ਘਟਨਾ ਸ਼ੁੱਕਰਵਾਰ ਨੂੰ ਰਾਤੀਂ 9:50 ਦੇ ਨੇੜੇ ਤੇੜੇ ਉਸ ਸਮੇਂ ਵਾਪਰੀ ਜਦੋਂ 32 ਸਾਲਾਂ ਦੇ ਪੁਰਸ਼ ਤੇ ਮਹਿਲਾ ਵੈਸਟਨ ਤੇ ਲੈਂਗਸਟਾਫ ਰੋਡਜ਼ ਇਲਾਕੇ ਵਿੱਚ ਰੈਸਟੋਰੈਂਟ ਤੋਂ ਬਾਹਰ ਨਿਕਲੇ।ਅਜੇ ਇਹ ਜੋੜਾ ਪਲਾਜ਼ਾ ਦੇ ਪਾਰਕਿੰਗ ਲੌਟ ਵਿੱਚ ਆਪਣੀ ਗੱਡੀ ਤੱਕ ਪਹੁੰਚਿਆ ਹੀ ਸੀ ਕਿ ਕਥਿਤ ਤੌਰ ਉੱਤੇ ਦੋ ਹਥਿਆਰਬੰਦ ਵਿਅਕਤੀ ਉਨ੍ਹਾਂ ਕੋਲ ਪਹੁੰਚੇ ਤੇ ਦੋਵਾਂ ਨੂੰ ਜ਼ਮੀਨ ਉੱਤੇ ਸੁੱਟ ਦਿੱਤਾ। ਪੁਰਸ਼ ਨੂੰ ਗੰਨ ਨਾਲ ਸੱਟ ਮਾਰੀ ਗਈ ਜਦਕਿ ਮਹਿਲਾ ਨੂੰ ਗੰਨ ਦੀ ਨੋਕ ਉੱਤੇ ਧਮਕਾਇਆ ਗਿਆ।

ਪੁਲਿਸ ਨੇ ਦੱਸਿਆ ਕਿ ਇਸ ਜੋੜੇ ਨੂੰ ਮਸ਼ਕੂਕਾਂ ਵੱਲੋਂ ਆਪਣੇ ਨਾਲ ਲਿਜਾਣ ਦੀ ਕੋਸ਼ਿਸ਼ ਵੀ ਕੀਤੀ ਗਈ ਪਰ ਰੈਸਟੋਰੈਂਟ ਦੇ ਮੁਲਾਜ਼ਮਾਂ ਦੀ ਦਖ਼ਲ ਤੋਂ ਬਾਅਦ ਮਸ਼ਕੂਕ ਉਨ੍ਹਾਂ ਨੂੰ ਉੱਥੇ ਹੀ ਛੱਡ ਗਏ। ਪਾਰਕਿੰਗ ਲੌਟ ਵਿੱਚ ਪੈ ਰਹੇ ਰੌਲੇ ਕਾਰਨ ਰੈਸਟੋਰੈਂਟ ਦੇ ਮੁਲਾਜ਼ਮ ਤੇ ਹੋਰ ਲੋਕ ਬਾਹਰ ਨਿਕਲ ਆਏ। ਇਸ ਜੋੜੇ ਨੂੰ ਮਾਮੂਲੀ ਸੱਟਾਂ ਲੱਗੀਆਂ ਦੱਸੀਆਂ ਜਾਂਦੀਆਂ ਹਨ। ਜਾਂਚਕਾਰਾਂ ਦਾ ਮੰਨਣਾ ਹੈ ਕਿ ਇਹ ਹਮਲਾ ਪੂਰੀ ਪਲੈਨਿੰਗ ਨਾਲ ਕੀਤਾ ਗਿਆ।

ਹਮਲੇ ਤੋਂ ਬਾਅਦ ਮਸ਼ਕੂਕ ਕਾਲੇ ਰੰਗ ਦੀ ਮਰਸਡੀਜ਼ ਬੈਂਜ਼ ਸੇਡਾਨ ਵਿੱਚ ਵੈਸਟਨ ਰੋਡ ਵੱਲ ਫਰਾਰ ਹੋ ਗਏ। ਦੋਵਾਂ ਮਸ਼ਕੂਕਾਂ ਨੂੰ ਆਖਰੀ ਵਾਰੀ ਕਾਲੇ ਰੰਗ ਦੇ ਕੱਪੜਿਆਂ ਤੇ ਕਾਲੇ ਮਾਸਕ ਪਾਇਆਂ ਵੇਖਿਆ ਗਿਆ। ਪੁਲਿਸ ਮਾਮਲੇ ਦੀ ਜਾਂਚ ਕਰ ਰਹੀ ਹੈ।

## ਡਾ. ਸੋਨੀਆ ਕੈਲੀਫੋਰਨੀਆ ਕਮਿਊਨਿਟੀ ਕਾਲਜਜ਼ ਦੀ ਅਗਲੀ ਸਥਾਈ ਚਾਂਸਲਰ ਨਿਯੁਕਤ



ਸੈਕਰਾਮੈਂਟੋ, 7 ਮਾਰਚ (ਪੋਸਟ ਬਿਊਰੋ): ਡਾ ਸੋਨੀਆ ਕ੍ਰਿਸਚੀਅਨ ਕੈਲੀਫੋਰਨੀਆ ਕਮਿਊਨਿਟੀ ਕਾਲਜਜ਼ ਦੀ ਅਗਲੀ ਸਥਾਈ ਚਾਂਸਲਰ ਹੋਵੇਗੀ। ਉਹ ਪਹਿਲੀ ਦੱਖਣ ਏਸ਼ੀਅਨ ਮੂਲ ਦੀ ਔਰਤ ਹੈ ਜਿਸ ਨੂੰ ਇਹ ਮਾਣ ਪ੍ਰਾਪਤ ਹੋਇਆ ਹੈ। ਕੈਲੀਫੋਰਨੀਆ ਕਮਿਊਨਿਟੀ ਕਾਲਜਜ਼ ਅਮਰੀਕਾ ਵਿਚ ਉੱਚ ਸਿੱਖਿਆ ਦਾ ਸਭ ਤੋਂ ਵੱਡਾ ਸਿਸਟਮ ਹੈ ਜੋ 73 ਜਿਲਿਆਂ ਤੇ 116 ਕਾਲਜਾਂ ਉਪਰ ਅਧਾਰਤ ਹੈ। ਡਾ ਕ੍ਰਿਸਚੀਅਨ ਜੋ ਕਾਲਜ ਸਿਸਟਮ ਦੀ 11 ਵੀਂ ਸਥਾਈ ਚਾਂਸਲਰ ਹੋਵੇਗੀ, ਦੀ ਚੋਣ ਕੈਲੀਫੋਰਨੀਆ ਕਮਿਊਨਿਟੀ ਕਾਲਜਜ਼ ਬੋਰਡ ਆਫ ਗਵਰਨਰਜ਼ ਵੱਲੋਂ ਸਰਬਸੰਮਤੀ ਨਾਲ ਕੀਤੀ ਗਈ। ਉਨਾਂ ਨੇ ਆਪਣੀ ਬੀ ਐਸ ਸੀ ਦੀ ਡਿਗਰੀ ਯੂਨੀਵਰਸਿਟੀ ਆਫ ਕੇਰਲਾ ਤੋਂ ਲਈ ਸੀ। ਬੋਰਡ ਆਫ ਗਵਰਨਰਜ਼ ਦੇ ਪ੍ਰਧਾਨ ਐਮੀ ਐਮ ਕੋਸਟਾ ਨੇ ਜਾਰੀ ਇਕ ਬਿਆਨ ਵਿਚ ਕਿਹਾ ਹੈ ਕਿ ਕੈਲੀਫੋਰਨੀਆ ਕਮਿਊਨਿਟੀ ਕਾਲਜਾਂ ਦੇ 18 ਲੱਖ ਵਿਦਿਆਰਥੀਆਂ ਤੇ ਸਟਾਫ ਦੀ ਤਰਫੋਂ ਅਸੀਂ ਨਵੇਂ ਚਾਂਸਲਰ ਡਾ ਸੋਨੀਆ ਨੂੰ ਜੀ ਆਇਆਂ ਕਹਿੰਦੇ ਹਾਂ। ਜੁਲਾਈ 2021 ਵਿਚ ਕ੍ਰਿਸਚੀਅਨ ਨੂੰ ਕਰਨ ਕਮਿਊਨਿਟੀ ਕਾਲਜ ਡਿਸਟ੍ਰਿਕਟ ਦੀ ਚਾਂਸਲਰ ਨਿਯੁਕਤ ਕੀਤਾ ਗਿਆ ਸੀ ਜਿਥੇ ਉਨਾਂ ਨੇ ਆਪਣੀ ਯੋਗਤਾ ਦਾ ਲੋਹਾ ਮੰਨਵਾਇਆ।

## ਅੱਜ ਨਾਮਾ

ਪਰਲ ਗਰੁੱਪ ਨੂੰ ਹੱਥ ਜਿਹਾ ਪਿਆ ਲੱਗਦਾ,
ਫੜ ਲਿਆ ਦੋਸ਼ੀ ਇੱਕ ਆਖਦੇ ਹੋਰ ਬੇਲੀ।
ਵਿੱਚੋਂ ਭਾਰਤ ਦੇ ਖਿਸਕ ਸੀ ਗਿਆ ਪਹਿਲਾਂ,
ਛੁਪ ਗਿਆ ਮੁਲਕ ਬੇਗਾਨੇ ਉਹ ਚੋਰ ਬੇਲੀ।
ਬਦਲਿਆ ਦੌਰ ਤਾਂ ਪਿਆ ਈ ਹੱਥ ਉਸ ਨੂੰ,
ਪਕੜਨੇ ਤੱਕ ਨਹੀਂਪਿਆ ਕੁਝਜ਼ੋਰ ਬੇਲੀ।
ਪੀੜਤ ਲੋਕਾਂ ਨੂੰ ਆਸ ਜਿਹੀ ਹੋਈ ਲੱਗਦੀ,
ਬਾਕੀ ਅਦਾਲਤ ਦੇ ਹੱਥਾਂ ਵਿੱਚ ਡੋਰ ਬੇਲੀ।
ਪਾਇਆ ਪਹਿਲਾਂ ਨਾ ਕਿਸੇ ਨੇ ਹੱਥ ਹੈ ਸੀ,
ਲੋਕੀਂ ਉਹਦੇ ਵੀ ਕਾਰਨ ਸਭ ਜਾਣਦੇ ਈ।
ਕੌਣ-ਕੌਣ ਠੱਗਾਂ ਦੀ ਰਹੇ ਨੇ ਢਾਲ ਬਣਦੇ,
ਧਨੰਤਰ ਸਿਆਸਤ ਦੇ ਲੋਕ ਪਛਾਣਦੇ ਈ।

**ਤੀਸ ਮਾਰ ਖਾਂ**

## ਕਈ ਗੱਡੀਆਂ ਆਪਸ ਵਿੱਚ ਟਕਰਾਈਆਂ, ਆਵਾਜਾਈ ਵਿੱਚ ਪਿਆ ਵਿਘਨ

ਓਨਟਾਰੀਓ, 7 ਮਾਰਚ (ਪੋਸਟ ਬਿਊਰੋ) : ਤੜਕੇ ਡੌਨ ਵੈਲੀ ਪਾਰਕਵੇਅ ਵਿੱਚ ਕਈ ਗੱਡੀਆਂ ਦੇ ਆਪਸ ਵਿੱਚ ਟਕਰਾ ਜਾਣ ਕਾਰਨ ਜੀਟੀਏ ਦੇ ਕਮਿਊਟਰਜ਼ ਨੂੰ ਵੱਡੀ ਦਿੱਕਤ ਦਾ ਸਾਹਮਣਾ ਕਰਨਾ ਪਿਆ।

ਹਾਈਵੇਅ 401 ਦੇ ਦੱਖਣ ਵੱਲ ਸਵੇਰੇ 5:40 ਦੇ ਨੇੜੇ ਤੇੜੇ ਹਾਈਵੇਅ ਦੀਆਂ ਦੱਖਣ ਵਾਲੀਆਂ ਲੇਨਜ਼ ਵਿੱਚ ਇਹ ਹਾਦਸਾ ਵਾਪਰਿਆ। ਇਸ ਹਾਦਸੇ ਕਾਰਨ ਸਾਰਾ ਟਰੈਫਿਕ ਹਾਈਵੇਅ ਦੇ ਇੱਕ ਪਾਸੇ ਹੀ ਸਿਮਟ ਗਿਆ ਤੇ ਲੋਕਾਂ ਨੂੰ ਆਵਾਜਾਈ ਵਿੱਚ ਕਾਫੀ ਦਿੱਕਤ ਪੇਸ਼ ਆ ਰਹੀ ਹੈ। ਪੁਲਿਸ ਨੇ ਦੱਸਿਆ ਕਿ ਇਸ ਦੌਰਾਨ ਸੱਤ ਗੱਡੀਆਂ ਆਪਸ ਵਿੱਚ ਟਕਰਾ ਗਈਆਂ।

ਪੈਰਾਮੈਡਿਕਸ ਨੇ ਦੱਸਿਆ ਕਿ ਦੋ ਵਿਅਕਤੀਆਂ ਦਾ ਇਲਾਜ ਮੌਕੇ ਉੱਤੇ ਹੀ ਕਰ ਦਿੱਤਾ ਗਿਆ। ਕਿਸੇ ਨੂੰ ਹਸਪਤਾਲ ਲਿਜਾਏ ਜਾਣ ਦੀ ਕੋਈ ਜਾਣਕਾਰੀ ਨਹੀਂ ਹੈ। ਸਵੇਰੇ 7:30 ਵਜੇ ਤੋਂ ਪਹਿਲਾਂ ਹਾਈਵੇਅ ਦੀਆਂ ਸਾਰੀਆਂ ਲੇਨਜ਼ ਮੁੜ ਖੋਲ੍ਹ ਦਿੱਤੀਆਂ ਗਈਆਂ।

# ਕੈਲੀਫੋਰਨੀਆ ਵਿਚ ਬਦਲਿਆ ਮੌਸਮ ਦਾ ਮਿਜਾਜ਼, ਗਵਰਨਰ ਵੱਲੋਂ ਹੰਗਾਮੀ ਸਥਿਤੀ ਦਾ ਐਲਾਨ



ਸੈਕਰਾਮੈਂਟੋ, 7 ਮਾਰਚ (ਹੁਸਨ ਲੜੋਆ ਬੰਗਾ): ਭਾਰੀ ਬਰਫ਼ਬਾਰੀ ਤੇ ਸੀਤ ਲਹਿਰ ਕਾਰਨ ਕੈਲੀਫੋਰਨੀਆ ਦੇ ਗਵਰਨਰ ਗੈਵਿਨ ਨਿਊਸੋਮ ਵੱਲੋਂ 13 ਕਾਊਂਟੀਆਂ ਵਿਚ ਹੰਗਾਮੀ ਸਥਿੱਤੀ ਦਾ ਐਲਾਨ ਕੀਤਾ ਗਿਆ ਹੈ। ਸਭ ਤੋਂ ਵਧ ਸੈਨ ਬਰਨਰਡੀਨੋ ਕਾਊਂਟੀ ਪ੍ਰਭਾਵਿਤ ਹੋਈ ਹੈ ਜਿਥੇ ਲੋਕਾਂ ਨੂੰ ਆਪਣੇ ਘਰਾਂ ਅਗਿਊਂ ਬਰਫ਼ ਹਟਾਉਣ ਲਈ ਭਾਰੀ ਮੁਸ਼ਕਤ ਕਰਨੀ ਪੈ ਰਹੀ ਹੈ। ਕਾਊਂਟੀ ਦੇ ਫਾਇਰ ਚੀਫ ਡੈਨ ਮੂਨਸੇ ਨੇ ਜਾਰੀ ਇਕ ਬਿਆਨ ਚਿ ਕਿਹਾ ਹੈ ਕਿ ਕਈ ਲੋਕਾਂ ਨੂੰ ਬਚਾਇਆ ਗਿਆ ਹੈ ਹਾਲਾਂ ਕਿ ਕਿਸੇ ਦੇ ਗੰਭੀਰ ਜ਼ਖਮੀ ਹੋਣ ਜਾਂ ਕੋਈ ਮੌਤ ਹੋਣੀ ਦੀ ਕੋਈ ਖ਼ਬਰ ਨਹੀਂ ਹੈ। ਉਨਾਂ ਕਿਹਾ ਕਿ ਅਸੀਂ ਲੋਕਾਂ ਵੱਲੋਂ ਆ ਰਹੇ ਫੋਨ 'ਤੇ ਕਾਰਵਾਈ ਕਰ ਰਹੇ ਹਾਂ ਤੇ ਉਨਾਂ ਦੀ ਹਰ ਸੰਭਵ ਮਦਦ ਕੀਤੀ ਜਾ ਰਹੀ ਹੈ। ਉਨਾਂ ਨੂੰ ਸੁਰੱਖਿਅਤ ਸਥਾਨਾਂ 'ਤੇ ਭੇਜਿਆ ਜਾ ਰਿਹਾ ਹੈ। ਤਕਰੀਬਨ 70000 ਘਰਾਂ ਤੇ ਕਾਰੋਬਾਰੀ ਅਦਾਰਿਆਂ ਦੀ ਬਿਜਲੀ ਗੁੱਲ ਹੋ ਜਾਣ ਦੀ ਵੀ ਰਿਪੋਰਟ ਹੈ ਜਿਸ ਨੂੰ ਬਹਾਲ ਕਰਨ ਦੇ ਯਤਨ ਕੀਤੇ ਜਾ ਰਹੇ ਹਨ।






















# ਮੇਰੇ ਖ਼ੂਨ ਦਾ ਹਰ ਕਤਰਾ ਸੂਬੇ ਦੀ ਤਰੱਕੀ, ਖ਼ੁਸ਼ਹਾਲੀ ਅਤੇ ਸ਼ਾਂਤੀ ਲਈ ਸਮਰਪਿਤ : ਭਗਵੰਤ ਮਾਨ

## ਸੂਬੇ ਦੀ ਪੁਰਾਤਨ ਸ਼ਾਨ ਬਹਾਲ ਕਰਨ ਦਾ ਲਿਆ ਅਹਿਦ

ਚੰਡੀਗੜ੍ਹ, 7 ਮਾਰਚ (ਗਿਆਨ ਸਿੰਘ): ਸੂਬੇ ਦੀ ਪੁਰਾਤਨ ਸ਼ਾਨ ਬਹਾਲੀ ਲਈ ਆਪਣੀ ਸਰਕਾਰ ਦੀ ਦ੍ਰਿੜ੍ਹ ਵਚਨਬੱਧਤਾ ਦੁਹਰਾਉਂਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਅੱਜ ਕਿਹਾ ਕਿ ਉਨ੍ਹਾਂ ਦੇ ਖ਼ੂਨ ਦਾ ਹਰ ਕਤਰਾ ਸੂਬੇ ਦੀ ਤਰੱਕੀ, ਖ਼ੁਸ਼ਹਾਲੀ ਅਤੇ ਸ਼ਾਂਤੀ ਲਈ ਸਮਰਪਿਤ ਹੈ।

ਇੱਥੇ ਪੰਜਾਬ ਵਿਧਾਨ ਸਭਾ ਵਿੱਚ ਰਾਜਪਾਲ ਦੇ ਭਾਸ਼ਣ 'ਤੇ ਬਹਿਸ ਨੂੰ ਸਮੇਟਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪਿਛਲੇ 75 ਸਾਲਾਂ ਵਿੱਚ ਪਹਿਲੀ ਵਾਰ ਸੂਬੇ ਦੀ ਸੱਤਾ ਉਨ੍ਹਾਂ ਲੋਕ ਆਗੂਆਂ ਨੂੰ ਸੌਂਪੀ ਗਈ ਹੈ, ਜੋ ਲੋਕਾਂ ਦੀ ਭਲਾਈ ਲਈ ਵਚਨਬੱਧ ਹਨ। ਉਨ੍ਹਾਂ ਅਫ਼ਸੋਸ ਪ੍ਰਗਟਾਇਆ ਕਿ ਪਹਿਲਾਂ ਇਹ ਵਾਗ-ਡੋਰ ਅਜਿਹੇ ਲੋਕਾਂ ਦੇ ਹੱਥਾਂ ਵਿੱਚ ਸੀ, ਜੋ ਸੂਬੇ ਨੂੰ ਲੁੱਟਣ ਵਿੱਚ ਅੰਗਰੇਜ਼ਾਂ ਤੋਂ ਵੀ ਅੱਗੇ ਨਿਕਲ ਗਏ। ਭਗਵੰਤ ਮਾਨ ਨੇ ਕਿਹਾ ਕਿ ਸਾਡੀ ਸਰਕਾਰ ਹਰ ਪੰਜਾਬੀ ਅਤੇ ਸੂਬੇ ਦੇ ਸਾਰੇ ਨਾਗਰਿਕਾਂ ਦੀ ਸਰਕਾਰ ਹੈ ਅਤੇ ਸੂਬੇ ਦੀ ਭਲਾਈ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।

ਮੁੱਖ ਮੰਤਰੀ ਨੇ ਕਿਹਾ ਕਿ ਰਾਜਪਾਲ ਦਾ ਇਸ ਸਾਲ ਦਾ ਭਾਸ਼ਣ ਆਉਣ ਵਾਲੇ ਸਮੇਂ ਵਿੱਚ ਸੂਬੇ ਵਿੱਚ ਹੋਣ ਵਾਲੇ ਵੱਡੇ ਵਿਕਾਸ ਦਾ ਮਹਿਜ਼ ਇੱਕ ਝਲਕਾਰਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਹਰ ਖੇਤਰ ਵਿੱਚ ਸਰਬਪੱਖੀ ਤਰੱਕੀ ਤੇ ਖ਼ੁਸ਼ਹਾਲ ਦਾ ਗਵਾਹ ਬਣ ਰਿਹਾ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਇਹ ਜਾਰੀ ਰਹੇਗੀ। ਭਗਵੰਤ ਮਾਨ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਪੰਜਾਬ ਨੂੰ ਹਰ ਖੇਤਰ ਵਿੱਚ ਮੋਹਰੀ ਸੂਬਾ ਬਣਾਉਣ ਲਈ ਪੂਰੇ ਜੋਸ਼ੋ-ਖ਼ਰੋਸ਼ ਨਾਲ ਕੰਮ ਕਰ ਰਹੀ ਹੈ।

ਆਪਣੀ ਸਰਕਾਰ ਦੀਆਂ ਲੋਕ ਪੱਖੀ ਪਹਿਲਕਦਮੀਆਂ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਵਿੱਚ ਬਿਜਲੀ ਦੇ ਲੰਮੇ ਕੱਟ ਲੱਗਣੇ ਪੁਰਾਣੇ ਸਮੇਂ ਦੀ ਗੱਲ ਹੋ ਗਈ ਹੈ ਕਿਉਂਕਿ ਪੰਜਾਬ ਹੁਣ ਬਿਜਲੀ ਸਰਪਲੱਸ ਸੂਬਾ ਬਣ ਗਿਆ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਸਰਕਾਰ ਦੇ ਯਤਨਾਂ ਸਦਕਾ ਸੂਬੇ ਵਿੱਚ ਬਿਜਲੀ ਉਤਪਾਦਨ ਵਿੱਚ 83 ਫ਼ੀਸਦ ਵਾਧਾ ਹੋਇਆ ਹੈ। ਭਗਵੰਤ ਮਾਨ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਵੱਲੋਂ ਕੀਤੇ ਗਏ ਅਣਥੱਕ ਯਤਨਾਂ ਸਦਕਾ ਪਛਵਾੜਾ ਕੋਲਾ ਖਾਣ ਤੋਂ ਬਿਜਲੀ ਉਤਪਾਦਨ ਲਈ ਕੋਲੇ ਦੀ ਸਪਲਾਈ ਲੰਬੇ ਸਮੇਂ ਬਾਅਦ ਮੁੜ ਸ਼ੁਰੂ ਹੋਈ ਹੈ।

ਮ ੁੱਖ ਮੰਤਰੀ ਭਗਵੰਤ ਮਾਨ ਨੇ ਅੱਗੇ ਕਿਹਾ ਕਿ ਸੂਬਾ ਸਰਕਾਰ ਨੇ 1 ਜੁਲਾਈ ਤੋਂ ਪ੍ਰਤੀ ਮਹੀਨਾ 300 ਯੂਨਿਟ ਮੁਫ਼ਤ ਬਿਜਲੀ ਦੇਣ ਦੀ ਗਰੰਟੀ ਪੂਰੀ ਕਰ ਦਿੱਤੀ ਹੈ। ਉਨ੍ਹਾਂ ਕਿਹਾ ਕਿ ਇਹ ਬੜੇ ਮਾਣ ਅਤੇ ਤਸੱਲੀ ਵਾਲੀ ਗੱਲ ਹੈ ਕਿ ਨਵੰਬਰ-ਦਸੰਬਰ, 2022 ਦੇ ਮਹੀਨਿਆਂ ਦੌਰਾਨ ਸੂਬੇ ਦੇ 87 ਫ਼ੀਸਦ ਘਰਾਂ ਦੇ ਬਿਜਲੀ ਬਿੱਲ ਜ਼ੀਰੋ ਆਏ ਹਨ। ਭਗਵੰਤ ਮਾਨ ਨੇ ਕਿਹਾ ਕਿ ਉਹ ਆਮ ਪਰਿਵਾਰ ਨਾਲ ਸਬੰਧ ਰੱਖਦੇ ਹਨ ਅਤੇ ਚੰਗੀ ਤਰ੍ਹਾਂ ਜਾਣਦੇ ਹਨ ਕਿ ਸੂਬੇ ਦੇ ਲੋਕਾਂ ਨੂੰ ਕਿਹੜੀਆਂ ਮੁਸ਼ਕਲਾਂ ਦਰਪੇਸ਼ ਆਉਂਦੀਆਂ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਦੇ ਸਖ਼ਤ ਯਤਨਾਂ ਸਦਕਾ ਕੇਂਦਰ ਸਰਕਾਰ ਮਹਾਨਦੀ ਕੋਲਫੀਲਡਜ਼ ਲਿਮਟਿਡ (ਐਮ.ਸੀ.ਐਲ.) ਤੋਂ ਤਲਵੰਡੀ ਸਾਬੋ ਪਾਵਰ ਲਿਮਟਿਡ (ਟੀ.ਐਸ.ਪੀ.ਐਲ.) ਨੂੰ ਕੋਲੇ ਦੀ ਸਪਲਾਈ ਲਈ ਲਾਜ਼ਮੀ ਆਰ.ਐਸ.ਆਰ. (ਰੇਲ-ਸਮੁੰਦਰ-ਰੇਲ) ਸ਼ਰਤ ਨੂੰ ਹਟਾਉਣ ਲਈ ਸਹਿਮਤ ਹੋ ਗਈ ਹੈ। ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਬਿਜਲੀ ਮੰਤਰੀ ਨਾਲ ਮੀਟਿੰਗ ਦੌਰਾਨ ਇਹ ਮੁੱਦਾ ਉਠਾਇਆ ਸੀ, ਜਿਸ ਤੋਂ ਬਾਅਦ ਇਸ ਸਬੰਧੀ ਫੈਸਲਾ ਲਿਆ ਗਿਆ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਹਿੱਤਾਂ ਦੀ ਰਾਖੀ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਦੇ ਅਣਥੱਕ ਯਤਨਾਂ ਸਦਕਾ ਪੰਜਾਬ ਦੇਸ਼ ਵਿੱਚ ਨਿਵੇਸ਼ ਲਈ ਸਭ ਤੋਂ ਪਸੰਦੀਦਾ ਸਥਾਨ ਵਜੋਂ ਉੱਭਰਿਆ ਹੈ। ਉਨ੍ਹਾਂ ਕਿਹਾ ਕਿ ਉਦਯੋਗਪਤੀ ਸੂਬੇ ਵਿੱਚ ਨਿਵੇਸ਼ ਕਰਨ ਲਈ ਪੂਰੀ ਉਤਸੁਕਤਾ ਦਿਖਾ ਰਹੇ ਹਨ। ਭਗਵੰਤ ਮਾਨ ਨੇ ਕਿਹਾ ਕਿ ਇਸ ਨਾਲ ਸੂਬੇ ਵਿੱਚ ਵੱਡੀ ਪੱਧਰ 'ਤੇ ਵਿਕਾਸ ਹੋਵੇਗਾ ਅਤੇ ਨੌਜਵਾਨਾਂ ਲਈ ਰੋਜ਼ਗਾਰ ਦੇ ਨਵੇਂ ਮੌਕੇ ਪੈਦਾ ਹੋਣਗੇ।

ਮੁੱਖ ਮੰਤਰੀ ਨੇ ਦੁਹਰਾਇਆ ਕਿ ਸੂਬਾ ਸਰਕਾਰ ਨੇ ਭ੍ਰਿਸ਼ਟਾਚਾਰ ਨਾਲ ਕੋਈ ਲਿਹਾਜ਼ ਨਾ ਵਰਤਣ ਦੀ ਨੀਤੀ ਅਪਣਾਈ ਹੈ ਅਤੇ ਸੂਬੇ ਨਾਲ ਦਗ਼ਾ



ਕਮਾਉਣ ਵਾਲੇ ਆਗੂਆਂ ਵਿਰੁੱਧ ਮਿਸਾਲੀ ਕਾਰਵਾਈ ਯਕੀਨੀ ਬਣਾਈ ਜਾਵੇਗੀ। ਉਨ੍ਹਾਂ ਕਿਹਾ ਕਿ ਸੂਬੇ ਨੂੰ ਬੇਰਹਿਮੀ ਨਾਲ ਲੁੱਟਣ ਅਤੇ ਬਰਬਾਦ ਕਰਨ ਵਾਲੇ ਇਨ੍ਹਾਂ ਦੋਸ਼ੀਆਂ ਵਿਰੁੱਧ ਕਾਰਵਾਈ ਕਰਨ ਤੋਂ ਉਨ੍ਹਾਂ ਨੂੰ ਕੋਈ ਨਹੀਂ ਰੋਕ ਸਕਦਾ। ਭਗਵੰਤ ਮਾਨ ਨੇ ਸਦਨ ਨੂੰ ਭਰੋਸਾ ਦਿਵਾਇਆ ਕਿ ਭ੍ਰਿਸ਼ਟ ਆਗੂਆਂ ਵਿਰੁੱਧ ਸਖ਼ਤ ਕਾਰਵਾਈ ਕਰਨ ਤੋਂ ਉਨ੍ਹਾਂ ਨੂੰ ਕੋਈ ਨਹੀਂ ਰੋਕ ਸਕਦਾ ਅਤੇ ਅਜਿਹੇ ਆਗੂਆਂ ਵਿਰੁੱਧ ਕਾਰਵਾਈ ਹਰ ਹਾਲੇ ਜਾਰੀ ਰਹੇਗੀ।

ਮੁੱਖ ਮੰਤਰੀ ਨੇ ਇਹ ਵੀ ਕਿਹਾ ਕਿ ਉਨ੍ਹਾਂ ਦੀ ਸਰਕਾਰ ਨੇ ਪਹਿਲਾਂ ਹੀ ਸੂਬੇ ਦੇ 5000 ਪਿੰਡਾਂ ਨੂੰ ਜਾਇਦਾਦ ਦੀ ਰਜਿਸਟ੍ਰੇਸ਼ਨ ਕਰਵਾਉਣ ਲਈ ਇਤਰਾਜ਼ਹੀਣਤਾ ਸਰਟੀਫਿਕੇਟ (ਐਨ.ਓ.ਸੀ.) ਲੈਣ ਤੋਂ ਛੋਟ ਦਿੱਤੀ ਹੋਈ ਹੈ ਅਤੇ ਜਲਦ ਹੀ ਇੰਨੇ ਹੋਰ ਪਿੰਡਾਂ ਨੂੰ ਵੀ ਛੋਟ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਵਿੱਚ ਕਿਸੇ ਵੀ ਗ਼ੈਰ-ਕਾਨੂੰਨੀ ਕਾਲੋਨੀ ਨੂੰ ਵਿਕਸਿਤ ਨਹੀਂ ਹੋਣ ਦੇਵੇਗੀ। ਭਗਵੰਤ ਮਾਨ ਨੇ ਕਿਹਾ ਕਿ ਲੋਕਾਂ ਦੀ ਸਹੂਲਤ ਲਈ ਗ਼ੈਰ-ਕਾਨੂੰਨੀ ਕਾਲੋਨੀਆਂ ਨੂੰ ਰੈਗੂਲਰ ਕਰਨ ਦੀ ਪ੍ਰਕਿਰਿਆ ਨੂੰ ਪਹਿਲਾਂ ਹੀ ਸੁਚਾਰੂ ਬਣਾਇਆ ਗਿਆ ਹੈ।

ਮੁੱਖ ਮੰਤਰੀ ਨੇ ਸੂਬੇ ਦੀਆਂ ਰਵਾਇਤੀ ਪਾਰਟੀਆਂ ਨੂੰ ਸੂਬੇ ਦੇ ਹਿੱਤਾਂ ਦੇ ਉਲਟ ਭੁਗਤਣ ਲਈ ਵੀ ਕਰੜੇ ਹੱਥੀਂ ਲਿਆ। ਉਨ੍ਹਾਂ ਕਿਹਾ ਕਿ ਇਨ੍ਹਾਂ ਪਾਰਟੀਆਂ ਨੇ ਟੋਲ ਅਤੇ ਰੇਤ ਮਾਫੀਆ ਨੂੰ ਵੱਡੀ ਪੱਧਰ 'ਤੇ ਪ੍ਰਫੁੱਲਿਤ ਕਰਨ ਲਈ ਇਸ ਮਾਫੀਏ ਨਾਲ ਮਿਲੀਭੁਗਤ ਕਰਕੇ ਸੂਬੇ ਦੇ ਲੋਕਾਂ ਦੀ ਪਿੱਠ ਵਿੱਚ ਛੁਰਾ ਮਾਰਿਆ ਹੈ। ਭਗਵੰਤ ਮਾਨ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਨੇ ਮਿਆਦ ਪੁੱਗੇ ਟੋਲ ਪਲਾਜ਼ਿਆਂ ਨੂੰ ਬੰਦ ਕਰ ਦਿੱਤਾ ਹੈ ਅਤੇ ਲੋਕਾਂ ਨੂੰ ਰੇਤ ਦੀ ਸਸਤੀਆਂ ਦਰਾਂ ਉਤੇ ਉਪਲਬਧਤਾ ਯਕੀਨੀ ਬਣਾਉਣ ਲਈ ਲਗਭਗ 50 ਜਨਤਕ ਮਾਈਨਿੰਗ ਖੱਡਾਂ ਸ਼ੁਰੂ ਕੀਤੀਆਂ ਹਨ।

ਮੁੱਖ ਮੰਤਰੀ ਨੇ ਇਹ ਵੀ ਕਿਹਾ ਕਿ ਸੂਬਾ ਸਰਕਾਰ ਜਲਦ ਹੀ 'ਸਰਕਾਰ ਤੁਹਾਡੇ ਦੁਆਰ' ਨਾਂ ਦਾ ਆਪਣਾ ਪ੍ਰਮੁੱਖ ਤੇ ਮਹੱਤਵਪੂਰਨ ਪ੍ਰੋਗਰਾਮ ਆਰੰਭੇਗੀ, ਜਿਸ ਤਹਿਤ ਸੂਬੇ ਦੇ ਲੋਕਾਂ ਨੂੰ 40 ਨਾਗਰਿਕ ਕੇਂਦਰਿਤ ਸੇਵਾਵਾਂ ਉਨ੍ਹਾਂ ਦੇ ਘਰ ਨੇੜੇ ਹੀ ਉਪਲਬਧ ਹੋਣਗੀਆਂ। ਉਨ੍ਹਾਂ ਕਿਹਾ ਕਿ ਇਹ ਸਕੀਮ ਐਪ ਰਾਹੀਂ ਆਨਲਾਈਨ ਉਪਲਬਧ ਹੋਵੇਗੀ ਅਤੇ ਲੋਕ ਮਹਿਜ਼ ਇਕ ਫੋਨ ਕਾਲ ਰਾਹੀਂ ਇਸ ਸਕੀਮ ਦਾ ਲਾਭ ਲੈ ਸਕਣਗੇ। ਭਗਵੰਤ ਮਾਨ ਨੇ ਕਿਹਾ ਕਿ ਇਸ ਨਾਲ ਇਲਾਕਾ ਨਿਵਾਸੀਆਂ ਨੂੰ ਨਾਗਰਿਕ ਕੇਂਦਰਿਤ ਸੇਵਾਵਾਂ ਉਨ੍ਹਾਂ ਦੇ ਘਰ ਨੇੜੇ ਬੜੇ ਸੁਚੱਜੇ ਤੇ ਨਿਰਵਿਘਨ ਢੰਗ ਨਾਲ ਪ੍ਰਾਪਤ ਹੋ ਸਕਣਗੀਆਂ।

ਮੁੱਖ ਮੰਤਰੀ ਨੇ ਕਿਹਾ ਕਿ ਬੱਚਿਆਂ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰਨ ਲਈ ਸੂਬੇ ਦੇ 23 ਜ਼ਿਲ੍ਹਿਆਂ ਵਿੱਚ 117 ਸਕੂਲ ਆਫ ਐਮੀਨੈਂਸ ਖੋਲ੍ਹੇ ਗਏ ਹਨ। ਭਗਵੰਤ ਮਾਨ ਨੇ ਕਿਹਾ ਕਿ ਇਸ ਨਾਲ ਵਿਦਿਆਰਥੀਆਂ ਨੂੰ ਭਵਿੱਖ ਦੀਆਂ ਮੁਕਾਬਲੇ ਵਾਲੀਆਂ ਪ੍ਰੀਖਿਆਵਾਂ ਲਈ ਚੰਗੀ ਤਰ੍ਹਾਂ ਤਿਆਰ ਕਰਨ ਵਿੱਚ ਮਦਦ ਮਿਲੇਗੀ। ਉਨ੍ਹਾਂ ਕਿਹਾ ਕਿ ਸੂਬੇ ਦੇ ਸਰਬਪੱਖੀ ਵਿਕਾਸ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ ਅਤੇ ਉਹ ਦਿਨ ਦੂਰ ਨਹੀਂ ਜਦੋਂ ਪੰਜਾਬ ਦਾ ਵੱਕਾਰ ਮੁੜ ਬਹਾਲ ਹੋਵੇਗਾ।

ਮੁੱਖ ਮੰਤਰੀ ਨੇ ਅੱਗੇ ਕਿਹਾ ਕਿ ਪੰਜਾਬ ਵਿੱਚ ਮੈਡੀਕਲ ਸਿੱਖਿਆ ਨੂੰ ਨਵੀਆਂ ਲੀਹਾਂ 'ਤੇ ਪਾਉਣ ਲਈ ਸੂਬਾ ਸਰਕਾਰ ਨੇ ਆਉਣ ਵਾਲੇ ਪੰਜ ਸਾਲਾਂ ਵਿੱਚ 16 ਨਵੇਂ ਮੈਡੀਕਲ ਕਾਲਜ ਬਣਾਉਣ ਦਾ ਫੈਸਲਾ ਕੀਤਾ ਹੈ, ਜਿਸ ਨਾਲ ਸੂਬੇ ਵਿੱਚ ਮੈਡੀਕਲ ਕਾਲਜਾਂ ਦੀ ਕੁੱਲ ਗਿਣਤੀ 25 ਹੋ ਜਾਵੇਗੀ ਅਤੇ ਇਹ ਵੀ ਯਕੀਨੀ ਬਣਾਇਆ ਜਾਵੇਗਾ ਕਿ ਸੂਬੇ ਦਾ ਹਰੇਕ ਜ਼ਿਲ੍ਹਾ ਇੱਕ ਮੈਡੀਕਲ ਕਾਲਜ ਨਾਲ ਜੁੜਿਆ ਹੋਵੇ। ਉਨ੍ਹਾਂ ਕਿਹਾ ਕਿ ਸੰਗਰੂਰ ਦੇ ਮਸਤੂਆਣਾ ਸਾਹਿਬ ਵਿਖੇ ਸੰਤ ਅਤਰ ਸਿੰਘ ਸਟੇਟ ਇੰਸਟੀਚਿਊਟ ਆਫ ਮੈਡੀਕਲ ਸਾਇੰਸਿਜ਼ ਦਾ ਨੀਂਹ ਪੱਥਰ ਪਹਿਲਾਂ ਹੀ ਰੱਖਿਆ ਜਾ ਚੁੱਕਾ ਹੈ ਅਤੇ ਜਲਦੀ ਹੀ ਇਸ ਦੀ ਉਸਾਰੀ ਦਾ ਕੰਮ ਸ਼ੁਰੂ ਹੋ ਜਾਵੇਗਾ। ਭਗਵੰਤ ਮਾਨ ਨੇ ਅੱਗੇ ਕਿਹਾ ਕਿ ਕਪੂਰਥਲਾ ਅਤੇ ਹੁਸ਼ਿਆਰਪੁਰ ਵਿਖੇ ਦੋ ਹੋਰ ਮੈਡੀਕਲ ਕਾਲਜਾਂ ਦਾ ਕੰਮ ਵੀ ਸ਼ੁਰੂ ਹੋ ਗਿਆ ਹੈ।

ਮੁੱਖ ਮੰਤਰੀ ਨੇ ਅਫਸੋਸ ਜ਼ਾਹਰ ਕੀਤਾ ਕਿ ਭਾਵੇਂ ਪੰਜਾਬ ਖੇਤੀ ਪ੍ਰਧਾਨ ਸੂਬਾ ਹੈ ਪਰ ਸਾਡੀ ਖੇਤੀ ਬੜੀ ਗੰਭੀਰ ਸਥਿਤੀ ਵਿੱਚ ਹੈ, ਜਿਸ ਕਾਰਨ ਸਾਡੇ ਨੌਜਵਾਨ ਖੇਤੀ ਛੱਡ ਕੇ ਮਾਮੂਲੀ ਨੌਕਰੀਆਂ ਕਰਨ ਲਈ ਮਜਬੂਰ ਹਨ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਕਦੇ ਵੀ ਕਿਸਾਨਾਂ ਦੀ ਭਲਾਈ ਬਾਰੇ ਨਹੀਂ ਸੋਚਿਆ। ਉਨ੍ਹਾਂ ਕਿਹਾ ਕਿ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਨੂੰ ਫੰਡ ਨਹੀਂ ਦਿੱਤੇ ਗਏ, ਜਿਸ ਕਾਰਨ ਯੂਨੀਵਰਸਿਟੀ ਹੁਣ ਪੰਜਾਬ ਦੀ ਬਿਹਤਰੀ ਤੇ ਖੁਸ਼ਹਾਲ ਖੇਤੀਬਾੜੀ ਲਈ ਖੋਜ ਕਰਨ ਦੇ ਸਮਰੱਥ ਨਹੀਂ ਹੈ। ਭਗਵੰਤ ਮਾਨ ਨੇ ਨਕਲੀ ਬੀਜਾਂ ਤੋਂ ਮੁਨਾਫਾ ਕਮਾ ਕੇ ਕਿਸਾਨਾਂ ਨੂੰ ਬਰਬਾਦ ਕਰਨ ਲਈ ਵੀ ਪਿਛਲੀਆਂ ਸਰਕਾਰਾਂ 'ਤੇ ਨਿਸ਼ਾਨਾ ਸਾਧਿਆ।

ਮੁੱਖ ਮੰਤਰੀ ਨੇ ਕਿਹਾ ਕਿ ਕਿਸਾਨਾਂ ਨੂੰ ਨਵੀਆਂ ਤਕਨੀਕਾਂ ਬਾਰੇ ਜਾਣੂੰ ਹੀ ਨਹੀਂ ਕਰਵਾਇਆ ਗਿਆ, ਜਿਸ ਕਾਰਨ ਉਨ੍ਹਾਂ ਦੀ ਆਮਦਨ ਵਿੱਚ ਖੜੋਤ ਆ ਗਈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ ਕਿਸਾਨਾਂ ਦੀ ਭਲਾਈ ਲਈ ਕਈ ਉੱਘੇ ਖੇਤੀ ਮਾਹਿਰਾਂ ਨਾਲ ਹੱਥ ਮਿਲਾਇਆ ਹੈ। ਭਗਵੰਤ ਮਾਨ ਨੇ ਕਿਹਾ ਕਿ ਖੇਤੀਬਾੜੀ ਨੂੰ ਲਾਹੇਵੰਦ ਬਣਾਉਣ ਲਈ ਕਿਸਾਨਾਂ ਦੇ ਵਿਚਾਰ ਜਾਣਨ ਵਾਸਤੇ ਸੂਬੇ ਵਿੱਚ ਆਪਣੀ ਕਿਸਮ ਦੀ ਪਹਿਲੀ 'ਸਰਕਾਰ-ਕਿਸਾਨ ਮਿਲਣੀ' ਕਰਵਾਈ ਗਈ।

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਵਿੱਚ ਫ਼ਸਲੀ ਵਿਭਿੰਨਤਾ ਨੂੰ ਵੱਡੀ ਪੱਧਰ ਉਤੇ ਉਤਸ਼ਾਹਤ ਕਰ ਰਹੀ ਹੈ ਅਤੇ ਉਨ੍ਹਾਂ ਨੇ ਖ਼ੁਦ ਬਦਲਵੀਆਂ ਫ਼ਸਲਾਂ ਲਈ ਮੰਡੀਕਰਨ ਦਾ ਮਸਲਾ ਕੇਂਦਰ ਸਰਕਾਰ ਕੋਲ ਚੁੱਕਿਆ ਹੈ। ਉਨ੍ਹਾਂ ਕਿਹਾ ਕਿ ਖੁਰਾਕੀ ਵਸਤਾਂ ਦੀ ਪ੍ਰਾਸੈਸਿੰਗ ਦੇ ਨਾਲ-ਨਾਲ ਬਾਸਮਤੀ ਦੀ ਖੇਤੀ ਨੂੰ ਉਤਸ਼ਾਹਤ ਕੀਤਾ ਗਿਆ ਹੈ। ਭਗਵੰਤ ਮਾਨ ਨੇ ਕਿਹਾ ਕਿ ਇਹ ਪਹਿਲਾ ਮੌਕਾ ਹੈ, ਜਦੋਂ ਸੂਬਾ ਸਰਕਾਰ ਪਹਿਲੀ ਅਪ੍ਰੈਲ ਤੋਂ ਨਰਮੇ ਲਈ ਨਹਿਰੀ ਪਾਣੀ ਦੀ ਸਪਲਾਈ ਯਕੀਨੀ ਬਣਾਏਗੀ ਅਤੇ ਨਹਿਰੀ ਪਾਣੀ ਦੀ ਚੋਰੀ ਰੋਕਣ ਲਈ ਪੁਲਿਸ ਤਾਇਨਾਤ ਕੀਤੀ ਜਾਵੇਗੀ।

# ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਦੀ ਨੀਅਤ ਤੇ ਨੀਤੀ ਚ ਕੋਈ ਖੋਟ ਨਹੀਂ : ਮੀਤ ਹੇਅਰ

## -ਮੀਤ ਹੇਅਰ ਨੇ ਰਾਜਪਾਲ ਦੇ ਭਾਸ਼ਣ ਉੱਤੇ ਬਹਿਸ ਵਿੱਚ ਹਿੱਸਾ ਲੈਂਦਿਆ ਸਰਕਾਰ ਦੀਆਂ ਛੇ ਮਹੀਨਿਆਂ ਦੀਆਂ ਇਤਿਹਾਸਕ ਪ੍ਰਾਪਤੀਆਂ ਗਿਣਵਾਈਆਂ

ਚੰਡੀਗੜ੍ਹ, 7 ਮਾਰਚ (ਪੋਸਟ ਬਿਊਰੋ): ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਦੀ ਨੀਅਤ ਤੇ ਨੀਤੀ ਚ ਕੋਈ ਖੋਟ ਨਹੀਂ ਹੈ। ਪੰਜਾਬ ਵਿੱਚ ਪੂਰੀ ਤਰ੍ਹਾਂ ਕਾਨੂੰਨ ਦਾ ਰਾਜ਼ ਹੈ ਅਤੇ ਅਮਨ-ਕਾਨੂੰਨ ਨਾਲ ਖਿਲਵਾੜ ਕਰਨ ਵਾਲੇ ਕਿਸੇ ਨੂੰ ਵੀ ਨਹੀਂ ਬਖ਼ਸ਼ਿਆ ਜਾਵੇਗਾ। ਇਹ ਗੱਲ ਪੰਜਾਬ ਦੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਨੇ ਅੱਜ ਪੰਜਾਬ ਵਿਧਾਨ ਸਭਾ ਦੇ ਬਜਟ ਸੈਸ਼ਨ ਦੌਰਾਨ ਰਾਜਪਾਲ ਦੇ ਭਾਸ਼ਣ ਉੱਤੇ ਬਹਿਸ ਵਿੱਚ ਹਿੱਸਾ ਲੈਂਦਿਆ ਸੰਬੋਧਨ ਕਰਦਿਆਂ ਕਹੀ।

ਮੀਤ ਹੇਅਰ ਨੇ ਸੂਬਾ ਸਰਕਾਰ ਦੀਆਂ ਛੇ ਮਹੀਨਿਆਂ ਦੀਆਂ ਇਤਿਹਾਸਕ ਪ੍ਰਾਪਤੀਆਂ ਗਿਣਵਾਉਂਦਿਆਂ ਕਿਹਾ ਕਿ ਪਹਿਲੇ ਛੇ ਮਹੀਨਿਆਂ ਵਿੱਚ ਹੀ ਉਹ



ਵੱਡੇ ਕੰਮ ਕਰ ਦਿੱਤੇ ਜੋ ਪਿਛਲੀਆਂ ਸਰਕਾਰਾਂ ਨੇ ਪੰਜ ਸਾਲ ਦੌਰਾਨ ਵੀ ਨਹੀਂ ਕਰਦੀਆਂ।ਪੰਜਾਬ ਵਿੱਚ ਪਹਿਲਾਂ ਵੋਟਾਂ ਵਾਲੇ ਸਾਲ ਹੀ ਥੋੜ੍ਹੇ ਬਹੁਤੇ ਕੰਮ ਕੀਤੇ ਜਾਂਦੇ ਸਨ।

ਕੈਬਨਿਟ ਮੰਤਰੀ ਨੇ ਅੱਗੇ ਕਿਹਾ ਕਿ ਸਰਕਾਰ ਨੇ ਛੇ ਮਹੀਨਿਆਂ ਵਿੱਚ ਹੀ 600 ਯੂਨਿਟ ਮੁਫ਼ਤ ਬਿਜਲੀ, 500 ਤੋਂ ਵੱਧ ਆਮ ਆਦਮੀ ਕਲੀਨਿਕ, ਨਾਜ-ਾਇਜ਼ ਕਬਜ਼ੇ ਛੁਡਵਾਏ, 5.50 ਰੁਪਏ ਪ੍ਰਤੀ ਫੁੱਟ ਦੇ ਹਿਸਾਬ ਨਾਲ ਰੇਤਾ ਦੇਣਾ, 26000 ਤੋਂ ਵੱਧ ਸਰਕਾਰੀ ਨੌਕਰੀਆਂ, ਇਕ ਵਿਧਾਇਕ, ਇਕ ਪੈਨਸ਼ਨ ਜਿਹੇ ਵੱਡੇ ਫ਼ੈਸਲੇ ਕੀਤੇ।ਆਉਣ ਵਾਲੇ ਸਮੇਂ ਵਿੱਚ 150 ਜਨਤਕ ਖੱਡਾਂ ਤੇ 100 ਕਮਰਸ਼ੀਅਲ ਖੱਡਾਂ ਤੋਂ 5.50 ਰੁਪਏ ਪ੍ਰਤੀ ਫੁੱਟ ਦੇ ਹਿਸਾਬ ਨਾਲ ਰੇਤਾ ਦੇਣ ਦਾ ਟੀਚਾ ਹੈ। ਪੰਜਾਬ ਵਿੱਚ ਰੋਜ਼ਾਨਾ ਮਜ਼ਦੂਰਾਂ ਨੂੰ ਰੇਤੇ ਦੀ ਭਰਾਈ ਲਈ ਚੰਗੇ ਪੈਸੇ ਮਿਲ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਪਿਛਲੀਆਂ ਸਰਕਾਰਾਂ ਸਮੇਂ ਦਿੱਤੇ ਕਮਰਸ਼ੀਅਲ ਖੱਡਾਂ ਦੇ ਠੇਕੇ ਜਲਦ ਖਤਮ ਹੋਣਗੇ। ਸੂਬਾ ਸਰਕਾਰ 100 ਕਮਰਸ਼ੀਅਲ ਖੱਡਾਂ ਤੋਂ ਵੀ 5.50 ਰੁਪਏ ਪ੍ਰਤੀ ਫੁੱਟ ਦੇ ਹਿਸਾਬ ਨਾਲ ਆਮ ਲੋਕਾਂ ਨੂੰ ਰੇਤਾ ਮਿਲਣ ਲੱਗੇਗਾ। ਹੁਣ 32 ਜਨਤਕ ਖੱਡਾਂ ਤੋਂ ਲੋਕਾਂ ਨੂੰ ਟਰੈਕਟਰ-ਟਰਾਲੀ ਰਾਹੀਂ 5.50 ਰੁਪਏ ਪ੍ਰਤੀ ਫੁੱਟ ਦੇ ਹਿਸਾਬ ਨਾਲ ਰੇਤਾ ਮਿਲ ਰਿਹਾ ਹੈ। ਇਹ ਜਨਤਕ ਖੱਡਾਂ ਦੀ ਗਿਣਤੀ ਵੀ 150 ਕਰਨ ਦਾ ਟੀਚਾ ਹੈ।ਮੁੱਖ ਮੰਤਰੀ ਵੱਲੋਂ ਮਾਓ ਸਾਹਿਬ ਵਿਖੇ ਜਨਤਕ ਖੱਡ ਦਾ ਉਦਘਾਟਨ ਕੀਤਾ ਗਿਆ, ਉੱਥੋਂ ਰੋਜ਼ਾਨਾ 200 ਟਰਾਲੀ ਲੋਕ ਭਰ ਕੇ ਜਾ ਰਹੇ ਹਨ। ਇਸ ਨਾਲ ਕਿਰਤੀਆਂ ਨੂੰ ਵੀ ਦਿਨ ਵਿੱਚ ਚੰਗੀ ਕਮਾਈ ਹੁੰਦੀ ਹੈ। ਪੰਜਾਬ ਵਿੱਚ ਇਸ ਫ਼ੈਸਲੇ ਨਾਲ ਕਹੀਆਂ-ਬੱਠਲਾਂ ਨਾਲ ਰੇਤੇ ਦੀ ਟਰਾਲੀ ਭਰਨ ਵਾਲੀ ਲੇਬਰ ਨੂੰ ਵੱਡਾ ਫ਼ਾਇਦਾ ਹੋਇਆ।

ਮੀਤ ਹੇਅਰ ਨੇ ਕਿਹਾ ਕਿ ਪੰਜਾਬ ਵਿੱਚ ਕਾਨੂੰਨ ਦਾ ਰਾਜ਼ ਹੈ ਅਤੇ ਵਿਰੋਧੀਆਂ ਪਾਰਟੀਆਂ ਸਿਆਸੀ ਰੋਟੀਆਂ ਸੇਕਣ ਲਈ ਪੰਜਾਬ ਨੂੰ ਬਦਨਾਮ ਕਰ ਰਹੇ ਹਨ ਹਾਲਾਂਕਿ ਕਰਾਈਮ ਰੇਟ ਦੇ ਮਾਮਲੇ ਵਿੱਚ ਪੰਜਾਬ 17ਵੇਂ ਸਥਾਨ ਉੱਤੇ ਹੈ। ਉਨ੍ਹਾਂ ਕੌਮੀ ਅਪਰਾਧਕ ਰਿਕਾਰਡ ਦੇ ਅੰਕੜੇ ਪੇਸ਼ ਕਰਦਿਆਂ ਕਿਹਾ ਕਿ ਹਰਿਆਣਾ, ਰਾਜਸਥਾਨ ਤੇ ਉੱਤਰ ਪ੍ਰਦੇਸ਼ ਸੂਬਿਆਂ ਵਿੱਚ ਅਪਰਾਧ ਦੀ ਦਰ ਬਹੁਤ ਜ਼ਿਆਦਾ ਹੈ।

ਮੀਤ ਹੇਅਰ ਨੇ ਕਿਹਾ ਕਿ ਵਿਰੋਧੀ ਧਿਰ ਵਿੱਚ ਬੈਠੇ ਕਾਂਗਰਸੀ ਵਿਧਾਇਕ ਪੰਜਾਬ ਨੂੰ ਬਿਨਾਂ ਕਿਸੇ ਕਾਰਨ ਤੇ ਤੱਥ ਤੋਂ ਬਦਨਾਮ ਕਰਨ ਦਾ ਇਕ ਵੀ ਮੌਕਾ ਨਹੀਂ ਛੱਡਦੇ ਪਰ ਉਨ੍ਹਾਂ ਦੀ ਹੀ ਪਾਰਟੀ ਨੇ ਹੀ ਪੰਜਾਬ ਵਿੱਚ 8 ਵਾਰ ਰਾਸ਼ਟਰਪਤੀ ਰਾਜ ਲਗਾਇਆ, ਦਿੱਲੀ ਵਿੱਚ ਸਿੱਖ ਕਤਲੇਆਮ ਅਤੇ ਪੰਜਾਬ ਵਿੱਚ ਕਾਲਾ ਦੌਰ ਲਿਆਂਦਾ।ਪੰਜਾਬ ਵਿੱਚ ਗੈਂਗਸਟਰ ਕਲਚਰ ਪਿਛਲੀਆਂ ਸਰਕਾਰਾਂ ਦੀ ਦੇਣ ਹੈ।









# ਮੀਤ ਹੇਅਰ ਨੇ ਕਿਹਾ: ਕੋਈ ਵੀ ਸਰਕਾਰੀ ਅਧਿਕਾਰੀ ਸਮਰੱਥ ਅਧਿਕਾਰੀ ਦੀ ਪ੍ਰਵਾਨਗੀ ਤੋਂ ਬਿਨ੍ਹਾਂ ਆਪਣਾ ਹੈਡਕੁਆਰਟਰ ਨਹੀਂ ਛੱਡੇਗਾ

## ਮੁੱਖ ਮੰਤਰੀ ਦੇ ਨਿਰਦੇਸ਼ਾਂ ਉੱਤੇ ਆਮ ਰਾਜ ਪ੍ਰਬੰਧ ਵਿਭਾਗ ਵੱਲੋਂ ਸਮੂਹ ਵਿਭਾਗਾਂ ਨੂੰ ਪੱਤਰ ਜਾਰੀ

ਚੰਡੀਗੜ੍ਹ, 7 ਮਾਰਚ (ਪੋਸਟ ਬਿਊਰੋ): ਪੰਜਾਬ ਸਰਕਾਰ ਵੱਲੋਂ ਸਮੂਹ ਵਿਭਾਗਾਂ ਨੂੰ ਪੱਤਰ ਜਾਰੀ ਕਰਕੇ ਹਦਾਇਤਾਂ ਕੀਤੀਆਂ ਗਈਆਂ ਹਨ ਕਿ ਕੋਈ ਵੀ ਅਧਿਕਾਰੀ ਸਮਰੱਥ ਅਧਿਕਾਰੀ ਦੀ ਪ੍ਰਵਾਨਗੀ ਤੋਂ ਬਿਨ੍ਹਾਂ ਆਪਣਾ ਹੈਡਕੁਆਰਟਰ ਨਹੀਂ ਛੱਡੇਗਾ ਤਾਂ ਜੋ ਜਨਤਕ ਕੰਮ ਕਾਜ ਪ੍ਰਭਾਵਿਤ ਨਾ ਹੋਵੇ।ਇਹ ਗੱਲ ਪ੍ਰਸ਼ਾਸਕੀ ਸੁਧਾਰ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਨੇ ਅੱਜ ਪੰਜਾਬ ਵਿਧਾਨ ਸਭਾ ਦੇ ਬਜਟ ਸੈਸ਼ਨ ਦੌਰਾਨ ਵਿਧਾਇਕ ਦਿਨੇਸ਼ ਕੁਮਾਰ ਚੱਢਾ ਵੱਲੋਂ ਲਿਆਂਦੇ ਧਿਆਨ ਦਿਵਾਓ ਮਤੇ ਉੱਤੇ ਜਵਾਬ ਦਿੰਦਿਆਂ ਕਹੀ।

ਵਿਧਾਇਕ ਵੱਲੋਂ ਧਿਆਨ ਦਿਵ-ਾਇਆ ਗਿਆ ਕਿ ਪਿਛਲੇ ਲੰਬੇ ਸਮੇਂ ਤੋਂ ਸਰਕਾਰੀ ਪ੍ਰਸ਼ਾਸਨਿਕ ਅਫ਼ਸਰ ਆਪਣੇ ਸਟੇਸ਼ਨ ਤੇ ਰਹਿਣ ਦੀ ਬਜਾਏ ਸ਼ਾਮ 5 ਵਜੇ ਤੋਂ ਬਾਅਦ ਚੰਡੀਗੜ੍ਹ, ਮੁਹਾਲੀ ਜਾਂ ਹੋਰ ਥਾਵਾਂ ਤੇ ਆਪਣੇ ਘਰਾਂ ਵਿਚ ਪਹੁੰਚ ਜਾਂਦੇ ਹਨ, ਜਿਸ ਨਾਲ ਜਨਤਕ ਕੰਮਕਾਜ ਬੁਰੀ ਤਰ੍ਹਾਂ ਪ੍ਰਭਾਵਿਤ ਹੁੰਦਾ ਹੈ। ਇਸ ਲਈ ਇਸ ਸਬੰਧੀ ਜਰੂਰੀ ਆਦੇਸ਼ ਜਾਰੀ ਕੀਤੇ ਜਾਣ ਕਿ ਸਾਰੇ ਅਫ਼ਸਰ ਆਪਣੇ ਸਟੇਸ਼ਨ ਉੱਤੇ ਹੀ ਰਹਿਣ।

ਪ੍ਰਸ਼ਾਸਕੀ ਸੁਧਾਰ ਮੰਤਰੀ ਮੀਤ ਹੇਅਰ ਨੇ ਕਿਹਾ ਕਿ ਵਿਧਾਇਕ ਵੱਲੋਂ ਪ੍ਰਗਟ ਕੀਤੇ ਵਿਸ਼ੇ ਦੀ ਸ਼ਲਾਘਾ ਕਰਦੇ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਦਾ ਨਾਅਰਾ ਹੈ, 'ਲੋਕਾਂ ਦੀ ਸਰਕਾਰ ਲੋਕਾਂ ਦੇ ਦੁਆਰ'। ਇਸ ਨਾਅਰੇ ਨੂੰ ਹਕੀਕੀ ਰੂਪ ਦਿੰਦਿਆਂ ਮੁੱਖ ਮੰਤਰੀ ਦੇ ਨਿਰਦੇਸ਼ਾਂ ਉੱਤੇ ਆਮ ਰਾਜ ਪ੍ਰਬੰਧ ਵਿਭਾਗ ਵੱਲੋਂ ਇਸ ਸੰਬੰਧੀ ਬਾਕਾਇਦਾ ਪੱਤਰ ਜਾਰੀ ਕਰ ਦਿੱਤਾ ਗਿਆ ਹੈ।

ਮੀਤ ਹੇਅਰ ਨੇ ਅੱਗੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਪਿਛਲੇ ਥੋੜ੍ਹੇ ਅਰਸੇ ਵਿੱਚ 26000 ਤੋਂ ਵੱਧ ਸਰਕਾਰੀ ਨੌਕਰੀਆਂ ਦਿੱਤੀਆਂ ਹਨ। ਉਨ੍ਹਾਂ ਕਿਹਾ ਕਿ ਇਸ ਨਾਲ ਜਿੱਥੇ ਨੌਜਵਾਨਾਂ ਨੂੰ ਰੋਜ਼ਗਾਰ ਮਿਲਿਆ ਉੱਥੇ ਲੋਕਾਂ ਨੂੰ ਬਿਹਤਰ ਨਾਗਰਿਕਾਂ ਸੇਵਾਵਾਂ ਮਿਲਣ ਲੱਗੀਆਂ। ਉਨ੍ਹਾਂ ਨਾਲ ਹੀ ਨਵੇਂ ਭਰਤੀ ਸਰਕਾਰੀ ਕਰਮਚਾਰੀਆਂ ਨੂੰ ਸਲਾਹ ਦਿੰਦਿਆਂ ਕਿਹਾ ਕਿ ਉਹ ਆਮ ਲੋਕਾਂ ਦੇ ਟੈਕਸ ਦੇ ਪੈਸੇ ਨਾਲ ਭਰਤੀ ਕੀਤੇ ਗਏ ਹਨ, ਇਸ ਲਈ ਬਦਲੀਆਂ ਕਰਵਾਉਣ ਲਈ ਸਿਫ਼ਾਰਸ਼ਾਂ ਨਾ ਕਰਨ। ਉਨ੍ਹਾਂ ਕਿਹਾ ਕਿ ਇਹ ਮੰਦਭਾਗਾ ਰੁਝਾਨ ਹੈ ਕਿਉਂਕਿ ਸੂਬੇ ਦੇ ਹਰ ਖੇਤਰ, ਜ਼ਿਲ੍ਹੇ ਨੂੰ ਸਰਕਾਰੀ ਸੇਵਾਵਾਂ ਦੀ ਲੋੜ ਹੈ। ਚਾਹੇ ਉਹ ਸਰਹੱਦੀ ਖੇਤਰ ਹੋਵੇ ਜਾਂ ਪਿਛੜਿਆ ਖੇਤਰ ਹੈ।

# ਆਰ.ਟੀ.ਏ. ਲੁਧਿਆਣਾ ਵੱਲੋਂ ਵਾਹਨਾਂ ਦੀ ਚੈਕਿੰਗ ਲਗਾਤਾਰ ਜਾਰੀ

## -ਨਿਯਮਾਂ ਦੀ ਉਲੰਘਣਾ ਕਰਨ ਵਾਲੀਆਂ ਬੱਸਾਂ ਦੇ ਵੀ ਕੱਟੇ ਚਲਾਨ



ਲੁਧਿਆਣਾ, 7 ਮਾਰਚ (ਗਿਆਨ ਸਿੰਘ): ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਟ੍ਰਾਂਸਪੋਰਟ ਵਿਭਾਗ ਦੀ ਆਰ.ਟੀ.ਏ. ਡਾ. ਪੂਨਮ ਪ੍ਰੀਤ ਕੌਰ ਵਲੋਂ ਅੱਜ ਲੁਧਿਆਣਾ ਦੀਆਂ ਵੱਖ-ਵੱਖ ਸੜਕਾਂ 'ਤੇ ਚੈਕਿੰਗ ਕਰਦਿਆਂ ਨਿਯਮਾਂ ਦੀ ਉਲੰਘਣਾਂ ਕਰਨ ਵਾਲੀਆਂ 5 ਟੂਰਿਸਟ ਬੱਸਾਂ ਅਤੇ 5 ਯਾਤਰੀ ਬੱਸਾਂ ਦੇ ਚਲਾਨ ਕੀਤੇ। ਉਨ੍ਹਾਂ ਦੱਸਿਆ ਕਿ ਇਨ੍ਹਾਂ ਵਾਹਨਾਂ ਦੇ ਦਸਤਾਵੇਜ਼ਾਂ ਵਿੱਚ ਖਾਮੀਆਂ ਪਾਈਆਂ ਗਈਆਂ ਜਿਸ ਵਿੱਚ ਬੱਸਾਂ ਦਾ ਟੈਕਸ ਸਮੇਂ ਸਿਰ ਨਹੀ ਭਰਿਆ ਜਾਣਾ, ਟੂਰਿਸਟ ਬੱਸਾਂ ਦਾ ਓਵਰਸਪੀਡ ਹੋਣਾ, ਬੱਸਾਂ ਵਿੱਚ ਕਪੈਸਿਟੀ ਤੋਂ ਵੱਧ ਯਾਤਰੀ ਸਵਾਰ ਕਰਨਾ ਸ਼ਾਮਲ ਸੀ।

ਆਰ.ਟੀ.ਏ. ਵਲੋਂ ਟਰਾਂਸਪੋਰਟਰਾਂ ਨੂੰ ਮੁੜ ਅਪੀਲ ਕੀਤੀ ਗਈ ਕਿ ਉਹ ਗੱਡੀ ਦੇ ਸਾਰੇ ਦਸਤਾਵੇਜ ਮੁਕੰਮਲ ਰੱਖਣ ਅਤੇ ਗੱਡੀ ਵਿੱਚ ਅਸਲ ਕਾਗਜ ਹੀ ਰੱਖਣ। ਉਨ੍ਹਾਂ ਦੱਸਿਆ ਕਿ ਚੈਕਿੰਗ ਦੌਰਾਨ ਇਹ ਦੇਖਿਆ ਗਿਆ ਹੈ ਕਿ ਚਾਲਕਾਂ ਕੋਲ ਪਰਮਿਟ ਅਤੇ ਹੋਰ ਜ਼ਰੂਰੀ ਕਾਗਜ਼ਾਂ ਦੀ ਫੋਟੋਕਾਪੀ ਹੀ ਹੁੰਦੀ ਹੈ ਜਦਕਿ ਅਸਲ ਕਾਗਜ ਗੱਡੀ ਵਿੱਚ ਹੋਣੇ ਲਾਜ਼ਮੀ ਬਣਦੇ ਹਨ।


## ਫੀਮੇਲ ਹਾਊਸਕੀਪਰ ਦੀ ਲੋੜ

ਮਾਰਖਮ ਹਾਊਸ, ਜਿਸ ਵਿਚ ਕ੍ਰਿਸ਼ਨਾ ਮੰਦਰ ਹੈ, ਲਈ ਫੁਲ ਟਾਈਮ ਲਿਵ ਇਨ ਫੀਮੇਲ ਹਾਊਸਕੀਪਰ ਦੀ ਲੋੜ ਹੈ। ਘਰ ਪੂਰੀ ਤਰ੍ਹਾਂ ਸ਼ਾਕਾਹਾਰੀ ਹੈ, ਇੱਥੋਂ ਤੱਕ ਕਿ ਪਿਆਜ ਅਤੇ ਲਹਿਸਣ ਦੀ ਵਰਤੋਂ ਦੀ ਵੀ ਆਗਿਆ ਨਹੀਂ ਹੈ। ਕੰਮ ਦੇ ਵਿਚ ਖਾਣਾ ਬਣਾਉਣਾ, ਸਾਫ-ਸਫਾਈ ਅਤੇ ਸਾਰੇ ਘਰ ਦੀ ਵਧੀਆ ਤਰੀਕੇ ਨਾਲ ਸੰਭਾਲ ਕਰਨੀ ਸ਼ਾਮਲ ਹਨ। ਹਾਊਸਕੀਪਰ ਨੂੰ ਘਰ ਦੇ ਮੈਂਬਰ ਵਾਂਗ ਰੱਖਿਆ ਜਾਵੇਗਾ। ਚਾਹਵਾਨ ਕ੍ਰਿਪਾ ਕਰਕੇ vbsharma@vbsharma.ca ਉਤੇ ਅਪਲਾਈ ਕਰਨ। ਫੋਨ ਨੰਬਰ 416-292-4431 ext. 224 ਉਤੇ 3 ਵਜੇ ਤੋਂ ਬਾਅਦ ਸੰਪਰਕ ਕਰ ਸਕਦੇ ਹਨ।

# ਔਰਤ ਵਿਰੁੱਧ ਹਰ ਹਿੰਸਾ ਸਮਾਜ ਦੇ ਤਾਣੇ-ਬਾਣੇ ਨੂੰ ਢਾਹ ਦਿੰਦੀ ਹੈ

-ਸੁਰਜੀਤ ਸਿੰਘ ਫਲੋਰਾ-

ਵਿਸ਼ਵ ਅੱਜ ਮਹਿਲਾ ਦਿਵਸ ਮਨਾ ਰਿਹਾ ਹੈ, ਅਤੇ ਵੱਖ-ਵੱਖ ਲੋਕਾਂ ਲਈ ਇਸਦਾ ਮਤਲਬ ਵੱਖੋ-ਵੱਖਰਾ ਹੈ। ਰਾਜਨੇਤਾ ਇਸ ਨੂੰ ਵੱਖ-ਵੱਖ ਸਮਾਜਿਕ ਖੇਤਰਾਂ ਵਿੱਚ ਔਰਤਾਂ ਦੇ ਸਸ਼ਕਤੀਕਰਨ ਦੇ ਥੀਮ ਦੇ ਨਾਲ ਮਿਲ ਕੇ ਆਪਣੇ ਚਲਾਕੀ ਨਾਲ ਤਿਆਰ ਕੀਤੇ ਏਜੰਡਿਆਂ ਦਾ ਵਪਾਰ ਕਰਨ ਦਾ ਇੱਕ ਮੌਕਾ ਸਮਝਦੇ ਹਨ। ਮਾਰਕੀਟਿੰਗ ਸੰਸਾਰ ਕੁਝ ਇਸ਼ਤਿਹਾਰਾਂ ਨੂੰ ਮੰਥਨ ਕਰਕੇ ਕੁਝ ਉਤਪਾਦਾਂ ਨੂੰ ਅੱਗੇ ਵਧਾਉਣ ਦੀ ਕੋਸ਼ਿਸ਼ ਕਰਦਾ ਹੈ ਜੋ ਸਾਡੀਆਂ ਭਾਵਨਾਵਾਂ ਅਤੇ ਲੋੜਾਂ ਨੂੰ ਆਕਰਸ਼ਿਤ ਕਰਦੇ ਹਨ। ਉਤਪਾਦ ਲੰਗਿਰੀ ਤੋਂ ਲੈ ਕੇ ਮੋਬਾਈਲ ਫੋਨਾਂ ਤੱਕ ਕੱਪੜਿਆਂ ਤੱਕ ਹੁੰਦੇ ਹਨ। ਪ੍ਰਾਹੁਣਚਾਰੀ ਉਦਯੋਗ ਉਨ੍ਹਾਂ ਦੇ ਭੋਜਨ ਉਤਪਾਦਾਂ 'ਤੇ ਕੁਝ ਛੋਟਾਂ ਦੀ ਪੇਸ਼ਕਸ਼ ਕਰਦਾ ਹੈ ਅਤੇ ਲੋਕਾਂ ਨੂੰ ਬਾਹਰ ਖਾਣਾ ਖਾਣ ਰੈਸਟੋਰੈਂਟਾ ਵਿਚ ਦਾਵਤਾ ਦਾ ਲੁਤਫ਼ ਲੈਣ ਲਈ ਉਤਸ਼ਾਹਿਤ ਕਰਦੇ ਹਨ। ਸਿਹਤ ਉਦਯੋਗ ਵੱਖ-ਵੱਖ ਸਿਹਤ ਜਾਂਚ ਸਕੀਮਾਂ 'ਤੇ ਕੁਝ ਪੇਸ਼ਕਸ਼ਾਂ ਲੈ ਕੇ ਆਉਂਦੇ ਹਨ , ਅਤੇ ਔਰਤਾਂ ਨੂੰ ਆਪਣੀ ਸਿਹਤ ਬਾਰੇ ਚਿੰਤਾ ਕਰਨ ਦੀ ਅਪੀਲ ਕਰਦਾ ਹੈ ਜਿਵੇਂ ਕਿ ਮੁਟਾਪਾ ਵਜ਼ਨ ਘੱਟ ਕਰਨ ਆਦਿ।

ਕਾਰਪੋਰੇਟ ਜਗਤ ਆਪਣੀਆਂ ਮਹਿਲਾ ਕਰਮਚਾਰੀਆਂ ਲਈ ਕੁਝ ਵਿਸ਼ੇਸ਼ ਸਮਾਗਮਾਂ ਦਾ ਆਯੋਜਨ ਕਰਦੇ ਹਨ। ਮਨੋਰੰਜਨ ਜਗਤ ਇਹ ਯਕੀਨੀ ਬਣਾਉਣ ਲਈ ਕਿ ਇਹ ਬਹੁਤ ਪਿੱਛੇ ਨਾ ਰਹਿ ਜਾਵੇ, ਔਰਤਾਂ ਨੂੰ ਆਪਣੀਆਂ ਪੇਸ਼ਕਸ਼ਾਂ ਵਿੱਚ ਬੋਲਡ ਭੂਮਿਕਾਵਾਂ ਵਿੱਚ ਪੇਸ਼ ਕਰਨ ਦੀ ਕੋਸ਼ਿਸ਼ ਕਰਦਾ ਹੈ। ਮਹਿਲਾ ਦਿਵਸ 'ਤੇ ਮੀਡੀਆ ਦੇ ਯੋਗਦਾਨ ਬਾਰੇ ਕੁਝ ਵੀ ਦੱਸਣ ਦੀ ਜ਼ਰੂਰਤ ਨਹੀਂ ਹੈ ਕਿਉਂਕਿ ਉਹ ਬਹੁਤ ਸਾਰੇ ਟਾਕ ਸ਼ੋਅ, ਡਾਕੂਮੈਂਟਰੀ, ਕੁਝ ਵਿਵਾਦਾਂ ਨੂੰ ਛੇੜਦੇ ਹੋਏ, ਮਹਿਲਾ ਪ੍ਰਾਪਤੀਆਂ ਨਾਲ ਇੰਟਰਵਿਊਆਂ ਆਦਿ ਨਾਲ ਸਾਹਮਣੇ ਆਉਂਦੇ ਹਨ ...

ਔਰਤਾਂ ਦੇ ਸਸ਼ਕਤੀਕਰਨ ਦੀ ਥੀਮ ਵਾਲੇ ਸੰਦੇਸ਼ਾਂ ਨੂੰ ਸੋਸ਼ਲ ਮੀਡੀਆ ਦੇ ਵੱਖ-ਵੱਖ ਤਰੀਕਿਆਂ 'ਤੇ ਬਹੁਤ ਸਾਰੇ ਪਸੰਦ ਅਤੇ ਸ਼ੇਅਰ ਮਿਲਦੇ ਹਨ। ਪਤੀ ਪਤਨੀਆਂ ਨੂੰ ਤੋਹਫ਼ੇ ਦੇ ਰਹੇ ਹਨ, ਬੱਚੇ ਆਪਣੀਆਂ ਮਾਵਾਂ ਨੂੰ ਤੋਹਫ਼ੇ ਕਾਰਡ ਦਿੰਦੇ ਹਨ, ਭਰਾ ਆਪਣੀਆਂ ਭੈਣਾਂ ਨੂੰ ਵਧਾਈ ਦਿੰਦੇ ਹਨ ਅਤੇ ਪੁਰਸ਼ ਸਾਥੀਆਂ ਨੂੰ ਆਪਣੀਆਂ ਮਾਦਾ ਹਮਰੁਤਬਾ ਦੀ ਕਾਮਨਾ ਕਰਦੇ ਹਨ; ਵਿਸ਼ਵ ਮਹਿਲਾ ਦਿਵਸ ਨੂੰ ਵੱਖ-ਵੱਖ ਤਰੀਕਿਆਂ ਨਾਲ ਮਨਾਉਂਦਾ ਹੈ। ਕੀ ਇਹ ਸਾਰੇ ਜਸ਼ਨ ਸਿਰਫ਼ ਇੱਕ ਦਿਨ ਨਾਲ ਹੀ ਰੁਕ ਜਾਂਦੇ ਹਨ? ਕੀ ਬੀਤ ਚੁੱਕੇ ਸਾਰੇ ਔਰਤਾਂ ਦੇ ਦਿਨਾਂ ਨੇ ਔਰਤਾਂ ਦੇ ਜੀਵਨ ਵਿੱਚ ਕੋਈ ਅਸਲ ਤਬਦੀਲੀ ਲਿਆਂਦੀ ਹੈ? ਕੀ ਔਰਤਾਂ ਨੂੰ ਲੋੜੀਂਦੀ ਸੁਰੱਖਿਆ ਮਿਲ ਰਹੀ ਹੈ? ਕੀ ਸਮਾਜ ਵਿੱਚ ਔਰਤਾਂ ਸੱਚਮੁੱਚ ਸਸ਼ਕਤ ਹਨ?

ਖੈਰ, ਅਸੀਂ ਚਾਹੁੰਦੇ ਹਾਂ ਕਿ ਇਹਨਾਂ ਸਵਾਲਾਂ ਦੇ ਸਕਾਰਾਤਮਕ ਜਵਾਬ ਹੋਣ, ਪਰ ਅਸਲੀਅਤ ਅਜਿਹਾ ਨਹੀਂ ਜਾਪਦੀ। ਕੀ ਔਰਤਾਂ ਨੂੰ ਵਿਰਾਸਤ ਵਿਚ ਦੌਲਤ ਦੇ ਬਰਾਬਰ ਮੰਨਿਆ ਜਾਂਦਾ ਹੈ? ਮੈਨੂੰ ਅਜਿਹਾ ਨਹੀਂ ਲੱਗਦਾ, ਕਿਉਂਕਿ ਮਾਪੇ ਧੀਆਂ ਦੀ ਬਜਾਏ ਪੁੱਤਰਾਂ ਨੂੰ ਆਪਣੀ ਦੌਲਤ ਦੇਣ ਨੂੰ ਤਰਜੀਹ ਦਿੰਦੇ ਹਨ। ਉਨ੍ਹਾਂ ਦੀ ਵਿਚਾਰਧਾਰਾ ਇਹ ਹੈ ਕਿ ਪੁੱਤਰ ਉਨ੍ਹਾਂ ਦੀ ਬੁਢਾਪੇ ਵਿੱਚ ਉਨ੍ਹਾਂ ਦੀ ਦੇਖਭਾਲ ਕਰਨਗੇ, ਸਿਰਫ਼ ਆਪਣੇ ਆਪ ਨੂੰ ਬੁਢਾਪਾ ਘਰਾਂ ਵਿੱਚ ਲਟਕਦੇ ਦੇਖਣ ਲਈ ਜੇਕਰ ਕੋਈ ਉਹਨਾਂ ਨੂੰ ਰੱਖਦਾ ਵੀ ਹੈ ਤਾਂ ਆਪਣੇ ਕੰਮਕਾਰ ਕਰਵਾਉਣ ਲਈ, ਜਿਵੇਂ ਮਾਵਾਂ ਨੂੰ ਘਰ ਦੀ ਸਾਫ਼ ਸਫਾਈ, ਰੋਟੀ ਟੁਕ, ਕਰਨ ਤੱਕ ਹੀ ਸੀਮਿਤ ਰੱਖਿਆਂ ਜਾਂਦਾ ਹੈ, ਇਕ ਨੌਕਰਾਨੀ ਦੀ ਤਰ੍ਹਾਂ ਵਰਤਾਉ ਕੀਤਾ ਜਾਂਦਾ ਹੈ। ਅਸੀਂ ਕਾਰਪੋਰੇਟ ਜਗਤ 'ਤੇ ਰਾਜ ਕਰਨ ਵਾਲੀਆਂ ਔਰਤਾਂ ਨੂੰ ਵੇਖਦੇ ਹਾਂ, ਪਰ ਇਸਦੇ ਨਾਲ ਹੀ ਅਸੀਂ ਪੇਂਡੂ ਔਰਤਾਂ ਦਾ ਦੁਰਵਿਵਹਾਰ ਅਤੇ ਸ਼ੋਸ਼ਣ ਹੁੰਦੇ ਵੀ ਦੇਖ ਸਕਦੇ ਹਾਂ। ਮਾਪੇ ਆਪਣੀਆਂ ਧੀਆਂ ਨੂੰ ਇੱਜ਼ਤਦਾਰ ਘਰ ਵਿੱਚ ਵਿਆਹ ਕਰਵਾਉਣ ਦੇ ਇੱਕੋ ਇੱਕ ਉਦੇਸ਼ ਨਾਲ ਪਾਲਦੇ ਹਾਂ ਅਤੇ ਸਮਝਦੇ ਹਨ ਕਿ ਉਨ੍ਹਾਂ ਦਾ ਫਰਜ਼ ਖਤਮ ਹੋ ਗਿਆ ਹੈ। ਇਹ, ਉਹ ਫਿਰ ਤੋਂ ਸੁਆਰਥੀ ਰਵੱਈਏ ਨਾਲ ਕਰਦੇ ਹਨ ਕਿਉਂਕਿ ਉਹ ਸਮਾਜ ਦਾ ਸਨਮਾਨ ਪ੍ਰਾਪਤ ਕਰਨਾ ਚਾਹੁੰਦੇ ਹਨ।

ਕੁਝ ਔਰਤਾਂ ਆਪਣੇ ਪਹਿਰਾਵੇ ਅਤੇ ਰਵੱਈਏ ਨਾਲ ਬਹੁਤ ਦਲੇਰ ਹੋ ਗਈਆਂ ਹਨ, ਪਰ ਲੱਖਾਂ ਮਾਸੂਮ ਔਰਤਾਂ ਹਨ ਜੋ ਅਜੇ ਵੀ ਸਮਾਜ ਦੀਆਂ ਚੰਗੀਆਂ ਫਰੇਮ ਵਾਲੀਆਂ ਰੁਕਾਵਟਾਂ ਦੇ ਅੰਦਰ ਪਿੰਜਰੇ ਵਿੱਚ ਹਨ ਜਿਨ੍ਹਾਂ ਦਾ ਮਜ਼ਾਕ ਉਡਾਇਆ ਜਾਂਦਾ ਹੈ ਅਤੇ ਲਾਲਸਾ ਦੀ ਪੂਰਤੀ ਲਈ ਵਸਤੂਆਂ ਅਤੇ ਬੱਚੇ ਪੈਦਾ ਕਰਨ ਵਾਲੀਆਂ ਫੈਕਟਰੀਆਂ ਵਜੋਂ ਮੰਨਿਆ ਜਾਂਦਾ ਹੈ। ਇਥੇ ਹੀ ਵਸ ਨਹੀਂ ਔਰਤ ਵਲੋਂ ਔਰਤ ਨੂੰ ਹੀ ਜਨਮ ਦੇਣ ਤੇ ਕੁਟਿਆ ਮਾਰਿਆਂ ਜਾਂਦਾ ਹੈ, ਇਥੋਂ ਤੱਕ ਤਲਾਕ ਤੱਕ ਹੋ ਜਾਂਦੇ ਹਨ ਕਿਉਂਕਿ ਔਰਤ ਘਰ ਦੇ ਚਿਰਾਗ ਨੂੰ ਜਨਮ ਨਹੀਂ ਦੇ ਪਾਈ। ਇਨ੍ਹਾਂ ਔਰਤਾਂ ਵਿੱਚ ਉੱਡਣ ਦੀ ਇੱਛਾ ਹੁੰਦੀ ਹੈ, ਪਰ ਇਨ੍ਹਾਂ ਦੇ ਖੰਭ ਕੱਟੇ ਜਾਂਦੇ ਹਨ, ਇਹ ਸਮਾਜ ਦੀ ਉੱਨਤੀ ਵਿੱਚ ਅਹਿਮ ਭੂਮਿਕਾ ਨਿਭਾਉਣਾ ਚਾਹੁੰਦੀਆਂ ਹਨ, ਪਰ ਆਪਣੇ ਹੀ ਘਰ ਵਾਲਿਆਂ ਵੱਲੋਂ ਇਨ੍ਹਾਂ ਨੂੰ ਨੀਚ ਸਮਝਿਆ ਜਾਂਦਾ ਹੈ। ਉਹ ਪਿਆਰ ਕਰਨਾ ਚਾਹੁੰਦੇ ਹਨ, ਪਰ ਸਮਾਜ ਉਨ੍ਹਾਂ ਨੂੰ ਆਪਣੀਆਂ ਲੋੜਾਂ ਪੂਰੀਆਂ ਕਰਨ ਲਈ ਵਰਤਦਾ ਹੈ।

ਬੰਧੂਆ ਮਜ਼ਦੂਰਾਂ, ਘਰੇਲੂ ਨੌਕਰਾਣੀਆਂ, ਸਫ਼ਾਈ ਸੇਵਕਾਂ, ਵਿਧਵਾਵਾਂ, ਬੇਸਹਾਰਾ, ਜਿਨ੍ਹਾਂ ਨੂੰ ਉਨ੍ਹਾਂ ਦੇ ਪਤੀਆਂ ਨੇ ਉਨ੍ਹਾਂ ਦੇ ਕਿਸੇ ਗਲਤੀ ਲਈ ਛੱਡ ਦਿੱਤਾ ਹੈ, ਦੇ ਤੌਰ 'ਤੇ ਕੰਮ ਕਰਨ ਵਾਲੀਆਂ ਔਰਤਾਂ; ਇਹ ਸਾਰੀਆਂ ਰੂਹਾਂ ਉਸ ਦਿਨ ਦੀ ਤਾਂਘ ਰੱਖਦੀਆਂ ਹਨ ਜਿੱਥੇ ਉਹ ਆਪਣੇ ਸਮਾਜ ਦੇ ਦੁੱਖਾਂ ਤੋਂ ਮੁਕਤ ਹੋਣ। ਸਿਆਸਤਦਾਨ, ਕਾਨੂੰਨ ਨਿਰਮਾਤਾ ਅਤੇ ਮੀਡੀਆ ਔਰਤਾਂ ਨਾਲ ਹੋਣ ਵਾਲੇ ਦੁਰਵਿਵਹਾਰ ਦਾ ਬਹੁਤ ਫਾਇਦਾ ਉਠਾਉਂਦੇ ਹਨ। ਇਹ ਕਿਸੇ ਵੀ ਤਰ੍ਹਾਂ ਕਾਰਨ ਦੀ ਮਦਦ ਕਰਨ ਵਾਲਾ ਨਹੀਂ ਹੈ। ਦਿਨ ਲੰਘਦੇ ਰਹਿਣਗੇ, ਅਤੇ ਕੁਝ ਕੁ ਔਰਤਾਂ ਉੱਚੀਆਂ ਥਾਵਾਂ 'ਤੇ ਬੈਠਣਗੀਆਂ ਅਤੇ ਸ਼ਰਤਾਂ ਦਾ ਹੁਕਮ ਵੀ ਦੇਣਗੀਆਂ। ਪਰ, ਬਦਕਿਸਮਤੀ ਲਈ, ਪੀਸਣਾ ਜਾਰੀ ਰਹੇਗਾ!

ਘੱਲ ਕੀ ਹਰ ਛੋਟੀ ਤੋਂ ਵੱਡੀ ਸੋਚ , ਔਰਤ ਵਿਰੁੱਧ ਹਰ ਹਿੰਸਾ ਸਮਾਜ ਦੇ ਤਾਣੇ-ਬਾਣੇ ਨੂੰ ਢਾਹ ਦਿੰਦੀ ਹੈ ਅਤੇ ਸੰਸਾਰ ਨੂੰ ਰਹਿਣ ਲਈ ਇੱਕ ਹਨੇਰਾ ਵਾਂਗ ਸਾਬਿਤ ਹੁੰਦੀ ਹੈ। ਜੋ ਮਨੁੱਖਤਾ ਨੂੰ ਕਮਜ਼ੋਰ ਕਰਦੀ ਹੈ ਅਤੇ ਜੀਵਨ ਦੀ ਆਤਮਾ ਨੂੰ ਖਰਾਬ ਕਰਦੀ ਹੈ।

ਇਸ ਵਿਸ਼ਵ ਮਹਿਲਾਂ ਦਿਵਸ ਵਾਲੇ ਦਿਨ ਹੀ ਨਹੀਂ ਬੱਲਕੇ ਹਰ ਰੋਜ਼ ਸਾਨੂੰ ਕਿਸੇ ਵੀ ਔਰਤ ਵਿਰੁੱਧ ਦੁਰਵਿਵਹਾਰ ਨੂੰ ਖ਼ਤਮ ਅਤੇ ਅਵਾਜ਼ ਉਠਾਉਣੀ ਚਾਹੀਦਾ ਹੈ। ਸਾਨੂੰ ਕਿਸੇ ਵੀ ਤਰੀਕੇ, ਰੂਪ ਜਾਂ ਅਜਿਹੇ ਦੁਰਵਿਹਾਰ ਲਈ ਕਿਸੇ ਵੀ ਤਰ੍ਹਾਂ ਦੀ ਸਹਿਣਸ਼ੀਲਤਾ ਨੂੰ ਬਰਦਾਸ਼ਤ ਨਹੀਂ ਕਰਨਾ ਚਾਹੀਦਾ ਹੈ।

ਸਾਨੂੰ ਸਭ ਨੂੰ ਅੱਗੇ ਹੋ ਕੇ ਆਪਣੀਆਂ ਔਰਤਾਂ ਲਈ ਇੱਕ ਆਵਾਜ਼ ਬੁਲੰਦ ਕਰਨੀ ਚਾਹਿੰਦੀ ਹੈ। ਸਾਡੇ ਕੋਲ ਅਜਿਹੇ ਅਪਰਾਧਾਂ ਵਿਰੁੱਧ ਢੁਕਵਾਂ, ਤੁਰੰਤ ਜਵਾਬ ਹੋਣਾ ਚਾਹੀਦਾ ਹੈ। ਸਾਨੂੰ ਇਹ ਮਾਵਾਂ, ਭੈਣਾਂ, ਧੀਆਂ, ਗੁਆਂਢੀਆਂ ਅਤੇ ਦੋਸਤਾਂ ਦੀ ਖ਼ਾਤਰ ਇੰਨਸਾਨੀਅਤ ਤੌਰ ਤੇ ਕਰਨਾ ਚਾਹਿੰਦਾ ਹੈ ਕਿਉਂਕਿ ਇਹ ਅਸੀਂ ਇਹ ਮਨੁੱਖਤਾ ਦੇ ਸਮੂਹਿਕ ਭਵਿੱਖ ਲਈ ਕਰ ਰਹੇ ਹਾਂ, ਜਿਸ ਵਿਚ ਹਰ ਔਰਤ ਆਪਣਾ ਹਰ ਪਲ, ਹਰ ਦਿਨ ਸਿਰ ਉਠਾ ਕੇ ਸਵੈਮਾਨ ਨਾਲ ਜੀ ਸਕੇ ਤਾਂ ਹੀ ਇਹ ਮਹਿਲਾਂ ਦਿਵਸ ਸਹੀ ਮਹਿਣਿਆ ਵਿਚ ਸਹੀ ਰੰਗ ਵਿਚ ਰੰਗਿਆਂ ਜਾਵੇਗਾ, ਨਹੀਂ ਤਾਂ ਇਸ ਦਾ ਮਨਾਉਣ ਦਾ ਕੋਈ ਫਾਇਦਾ ਨਹੀਂ ਹੈ

ਮੈਂ ਉਮੀਦ ਕਰਦਾ ਹਾਂ ਕਿ ਇਹ ਮਹਿਲਾ ਦਿਵਸ, ਇਸ ਧਰਤੀ ਦੇ ਚਿਹਰੇ 'ਤੇ ਹਰ ਔਰਤ, ਦਹਾਕਿਆਂ ਤੋਂ ਔਰਤਾਂ 'ਤੇ ਥੋਪੇ ਜਾ ਰਹੇ ਡਰ, ਸ਼ਰਮ, ਦੋਸ਼ ਤੋਂ ਛੁਟਕਾਰਾ ਪਾਵੇ, ਅਤੇ ਉਸ ਨੂੰ ਉਹ ਬਣਨ ਦਾ ਹੌਂਸਲਾ ਮਿਲੇ ਜੋ ਉਹ ਸੱਚਮੁੱਚ ਬਣਨਾ ਚਾਹੁੰਦੀ ਹੈ, ਜ਼ੁਲਮ ਤੋਂ ਮੁਕਤ, ਡਰ ਤੋਂ ਮੁਕਤ। , ਪਿੱਤਰਸੱਤਾ ਤੋਂ ਮੁਕਤ। ਮਹਿਲਾ ਦਿਵਸ ਮੁਬਾਰਕ।










## ਲੜਕੀ ਦੀ ਲੋੜ

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ।ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ।ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.




## ਲੜਕੀ ਦੀ ਲੋੜ

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeep-kaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ।ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ।ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

## ਲੜਕੇ ਦੀ ਲੋੜ

June 24 1990, Height: 5 feet 7inches, Study: Bachelor of Nursing, Occupation: Registered Nurse (RN) Job: Employed at Brampton Civic Hospital, Boy should be preferably in Ludhiana district and Brampton, Jatt Sikh, No drugs or alcohol, Contact : 647-388-1992

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300

ਕੈਨੇਡਾ ਪੀ ਆਰ ਲੜਕੀ ਨਾਈ ਸਿੱਖ /ਲੱਖਣਪਾਲ ਲਈ ਸ਼ੁਧ ਵੈਸ਼ਨੂੰ ਵਰ ਦੀ ਲੋੜ। ਤਰਜੀਹ ਕੈਨੇਡਾ। ਜਨਮ 13/12/1991, ਕੱਦ 5'7", ਭਾਰਤ ਤੋਂ M.Com ਅਤੇ ਕੈਨੇਡਾ ਤੋ ਪੋਸਟ ਗਰੈਡ ਡਿਪਲੋਮਾ HRM ਇੱਕ ਭੈਣ ਤੇ ਇੱਕ ਭਰਾ ਵਿਆਹੇ ਦੋਵੇ ਕੈਨੇਡਾ PR ਫੋਨ +12049148700 +919569557850

ਜੱਟ ਸਿਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500


Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com









# ਅਮਰੀਕੀ ਮਹਿਲਾ ਨੇ ਬਣਾਇਆ ਰਿਕਾਰਡ, ਲਗਾਤਾਰ 23 ਦਿਨਾਂ ਤੱਕ ਅਲਟਰਾਮੈਰਾਥਨ ਵਿੱਚ ਦੌੜੀ




ਫਲੋਰੀਡਾ, 7 ਮਾਰਚ (ਪੋਸਟ ਬਿਊਰੋ): ਫਲੋਰੀਡਾ ਦੇ ਕਿਸੀਮੀ ਦੀ ਵਸਨੀਕ ਮੇਗਨ ਕੈਸੀਡੀ ਨੇ ਸਭ ਤੋਂ ਵੱਧ ਦਿਨ ਲਗਾਤਾਰ ਅਲਟਰਾ ਮੈਰਾਥਨ ਦੌੜ ਕੇ ਗਿਨੀਜ਼ ਵਰਲਡ ਰਿਕਾਰਡ ਕਾਇਮ ਕੀਤਾ। ਉਸਨੇ 23 ਦਿਨਾਂ ਵਿੱਚ ਦੌੜ ਪੂਰੀ ਕੀਤੀ ਅਤੇ 31.1 ਮੀਲ ਜਾਂ ਲਗਭਗ 50 ਕਿਲੋਮੀਟਰ ਦੀ ਦੂਰੀ ਤੈਅ ਕੀਤੀ। ਗਿਨੀਜ਼ ਵਰਲਡ ਰਿਕਾਰਡਸ ਦੇ ਅਨੁਸਾਰ, '17 ਦਸੰਬਰ, 2022 ਤੋਂ 8 ਜਨਵਰੀ, 2023 ਤੱਕ 23 ਦਿਨਾਂ ਤੱਕ ਚੱਲਣ ਵਾਲੀ ਸਭ ਤੋਂ ਲੰਬੀ ਅਲਟਰਾ ਮੈਰਾਥਨ ਦੌੜ (ਮਹਿਲਾ) ਦਾ ਰਿਕਾਰਡ ਓਰਲੈਂਡੋ, ਫਲੋਰੀਡਾ, ਯੂਐਸਏ ਵਿਖੇ ਮੇਗਨ ਕੈਸੀਡੀ (ਯੂਐਸਏ) ਦੁਆਰਾ ਪ੍ਰਾਪਤ ਕੀਤਾ ਗਿਆ ਸੀ।'

ਕੈਸੀਡੀ ਨੇ 22 ਦਿਨਾਂ ਦਾ ਪਿਛਲਾ ਰਿਕਾਰਡ ਤੋੜਿਆ ਅਤੇ ਬਹੁਤ ਲੰਬੇ ਸਮੇਂ ਤੱਕ ਚੱਲਣ ਦਾ ਇਰਾਦਾ ਰੱਖਿਆ। ਕੈਸੀਡੀ ਨੇ ਕਿਹਾ, 'ਇਸ ਤਰ੍ਹਾਂ ਹਰ ਰੋਜ਼ ਦੌੜਨਾ, ਇਹ ਇੰਨਾ ਬੁਰਾ ਨਹੀਂ ਹੈ ਕਿਉਂਕਿ ਤੁਸੀਂ ਇਸ ਨਾਲ ਜੁੜੇ ਰਹਿੰਦੇ ਹੋ। ਅਜਿਹੇ ਦਿਨ ਹੁੰਦੇ ਹਨ ਜਦੋਂ ਮੈਂ ਇਕੱਲੀ ਮਹਿਸੂਸ ਕਰਦੀ ਹਾਂ। ਪਰ ਮੈਂ ਇੱਕ ਬਿਬ ਪਹਿਨਦੀ ਸੀ ਅਤੇ ਲੋਕਾਂ ਨੂੰ ਦੱਸਦੀ ਸੀ ਕਿ ਮੈਂ ਕੀ ਕਰ ਰਿਹਾ ਸੀ, ਅਤੇ ਲੋਕ ਇਸ ਬਾਰੇ ਸੁਣਨਾ ਪਸੰਦ ਕਰਦੇ ਸਨ।

ਕੈਸੀਡੀ ਨੇ ਉਸ ਦੀ ਖੁਰਾਕ ਬਾਰੇ ਵੀ ਚਰਚਾ ਕੀਤੀ ਜੋ ਉਹ ਦੌੜਦੇ ਸਮੇਂ ਅਪਣਾਉਂਦੀ ਸੀ। ਉਸਨੇ ਇਹ ਵੀ ਦੱਸਿਆ ਕਿ ਕਿਵੇਂ ਉਸਦੇ ਸਾਥੀ ਨੇ ਉਸਨੂੰ ਹਰ ਰੋਜ਼ ਘੱਟੋ ਘੱਟ ਇੱਕ ਚੌਥਾਈ ਲਸਗਨਾ ਦਾ ਸੇਵਨ ਕਰਨ ਲਈ ਉਤਸ਼ਾਹਿਤ ਕੀਤਾ। ਕੈਸੀਡੀ ਨੇ ਹੁਣ ਤੱਕ 100 ਤੋਂ ਵੱਧ ਮੈਰਾਥਨ ਪੂਰੀਆਂ ਕੀਤੀਆਂ ਹਨ, ਜਿਨ੍ਹਾਂ ਵਿੱਚ ਵੱਕਾਰੀ ਮੈਰਾਥਨ ਸ਼ਾਮਲ ਹਨ। ਉਸਨੂੰ 2024 ਵਿੱਚ ਟੋਕੀਓ ਅਤੇ ਨਿਊਯਾਰਕ ਮੈਰਾਥਨ ਸਫਲਤਾਪੂਰਵਕ ਪੂਰਾ ਕਰਨ ਤੋਂ ਬਾਅਦ ਦੌੜਾਕ 6-ਸਟਾਰ ਮੈਡਲ ਨਾਲ ਸਨਮਾਨਿਤ ਕੀਤਾ ਜਾਵੇਗਾ।

# ਐਨਆਈਏ ਨੇ ਅੱਤਵਾਦੀ-ਅਪਰਾਧਿਕ ਗਠਜੋੜ ਮਾਮਲੇ 'ਚ ਪੰਜ ਹੋਰ ਜਾਇਦਾਦਾਂ ਕੁਰਕ ਕੀਤੀਆਂ

ਨਵੀਂ ਦਿੱਲੀ, 7 ਮਾਰਚ (ਪੋਸਟ ਬਿਊਰੋ): ਅੱਤਵਾਦੀ-ਅਪਰਾਧਕ ਨੈਟਵਰਕ ਦੇ ਖਿਲਾਫ ਆਪਣੀ ਮੁਹਿੰਮ ਨੂੰ ਤੇਜ਼ ਕਰਦੇ ਹੋਏ, ਰਾਸ਼ਟਰੀ ਜਾਂਚ ਏਜੰਸੀ (ਐਨਆਈਏ) ਨੇ ਮੰਗਲਵਾਰ ਨੂੰ ਉੱਤਰੀ ਰਾਜਾਂ ਵਿੱਚ ਸੰਗਠਿਤ ਗਿਰੋਹਾਂ ਦੇ ਮੈਂਬਰਾਂ ਦੀਆਂ ਹਰਿਆਣਾ ਅਤੇ ਦਿੱਲੀ ਵਿੱਚ ਪੰਜ ਹੋਰ ਜਾਇਦਾਦਾਂ ਕੁਰਕ ਕੀਤੀਆਂ ਹਨ। ਇਹ ਜਾਣਕਾਰੀ ਇੱਕ ਅਧਿਕਾਰਤ ਬਿਆਨ ਵਿੱਚ ਦਿੱਤੀ ਗਈ ਹੈ।

ਇਸ ਤੋਂ ਪਹਿਲਾਂ 4 ਮਾਰਚ ਨੂੰ ਵੀ ਹਰਿਆਣਾ, ਰਾਜਸਥਾਨ, ਉੱਤਰ ਪ੍ਰਦੇਸ਼, ਮੱਧ ਪ੍ਰਦੇਸ਼, ਮਹਾਰਾਸ਼ਟਰ, ਗੁਜਰਾਤ ਅਤੇ ਦਿੱਲੀ ਵਿੱਚ ਪੰਜ ਜਾਇਦਾਦਾਂ ਕੁਰਕ ਕੀਤੀਆਂ ਗਈਆਂ ਸਨ ਅਤੇ ਇਸ ਸਬੰਧ ਵਿੱਚ 27 ਗੈਂਗਸਟਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਸੀ। ਇਸ ਤੋਂ ਇਲਾਵਾ ਵੱਡੀ ਮਾਤਰਾ 'ਚ ਹਥਿਆਰ ਅਤੇ ਗੋਲਾ ਬਾਰੂਦ ਵੀ ਬਰਾਮਦ ਕੀਤਾ ਗਿਆ ਹੈ।

ਐਨਆਈਏ ਦੇ ਬੁਲਾਰੇ ਨੇ ਕਿਹਾ, ''ਐਨਆਈਏ ਨੇ ਪਾਕਿਸਤਾਨ ਸਥਿਤ ਹਰਵਿੰਦਰ ਰਿੰਦਾ, ਲਾਰੈਂਸ ਬਿਸ਼ਨੋਈ ਅਤੇ ਬੰਬੀਹਾ ਗਰੁੱਪ ਵੱਲੋਂ ਚਲਾਏ ਜਾ ਰਹੇ ਤਿੰਨ ਵੱਡੇ ਸੰਗਠਿਤ ਅਪਰਾਧ ਸਿੰਡੀਕੇਟਾਂ ਖ਼ਿਲਾਫ਼ ਕੇਸਾਂ ਦੀ ਜਾਂਚ ਮਗਰੋਂ ਹਰਿਆਣਾ ਵਿੱਚ ਚਾਰ ਅਤੇ ਦਿੱਲੀ ਵਿੱਚ ਇੱਕ ਜਾਇਦਾਦ ਕੁਰਕ ਕਰ ਲਈ ਹੈ।'' ਏਜੰਸੀ ਦੇ ਅਧਿਕਾਰੀ ਨੇ ਦੱਸਿਆ ਕਿ ਕੁਰਕ ਕੀਤੀਆਂ ਜਾਇਦਾਦਾਂ ਸੰਗਠਿਤ ਅਪਰਾਧ ਗਰੋਹਾਂ ਦੇ ਮੈਂਬਰਾਂ ਨਾਲ ਸਬੰਧਤ ਹਨ। ਇਹ ਗਿਰੋਹ ਪੰਜਾਬ, ਹਰਿਆਣਾ, ਰਾਜਸਥਾਨ ਅਤੇ ਦਿੱਲੀ ਵਿੱਚ ਚੱਲ ਰਹੇ ਹਨ।

# ਰੂਸ ਨਾਲ ਰਿਸ਼ਤੇ ਮਜ਼ਬੂਤ ਕਰਾਂਗੇ, ਅਮਰੀਕਾ ਸਾਨੂੰ ਦਬਾ ਨਹੀਂ ਸਕੇਗਾ : ਕਿਨ ਗੈਂਗ

ਬੀਜਿੰਗ, 7 ਮਾਰਚ (ਪੋਸਟ ਬਿਊਰੋ): ਚੀਨ ਦੇ ਵਿਦੇਸ਼ ਮੰਤਰੀ ਕਿਨ ਗੈਂਗ ਰੂਸ ਨਾਲ ਆਪਣੇ ਸਬੰਧਾਂ ਨੂੰ ਹੋਰ ਮਜ਼ਬੂਤ ਕਰਨਗੇ। ਉਸ ਨੇ ਜ਼ੋਰ ਦੇ ਕੇ ਕਿਹਾ ਹੈ ਕਿ ਚੀਨ 'ਤੇ ਦਬਾਅ ਬਣਾਉਣ ਦੀਆਂ ਅਮਰੀਕੀ ਕੋਸ਼ਿਸ਼ਾਂ ਕਦੇ ਵੀ ਸਫਲ ਨਹੀਂ ਹੋਣਗੀਆਂ। ਚੀਨ ਦੀ ਸੰਸਦ ਦੇ ਸੈਸ਼ਨ ਦੇ ਦੌਰਾਨ ਮੰਗਲਵਾਰ ਨੂੰ ਮੀਡੀਆ ਨਾਲ ਗੱਲ ਕਰਦੇ ਹੋਏ, ਕਿਨ ਨੇ ਕਿਹਾ ਕਿ ਚੀਨ ਆਪਣੇ ਮੁੱਖ ਹਿੱਤਾਂ ਦੀ ਰੱਖਿਆ ਕਰੇਗਾ ਅਤੇ ਸਰਦਾਰੀ, ਧੜੇਬੰਦੀ ਦੀ ਰਾਜਨੀਤੀ ਅਤੇ ਇਕਪਾਸੜ ਪਾਬੰਦੀਆਂ ਦਾ ਵਿਰੋਧ ਕਰੇਗਾ।



ਕਿਨ ਨੇ ਕਿਹਾ ਕਿ ਚੀਨ ਅਤੇ ਰੂਸ ਅੰਤਰਰਾਸ਼ਟਰੀ ਸਬੰਧਾਂ ਲਈ ਚੰਗੀ ਮਿਸਾਲ ਕਾਇਮ ਕਰ ਰਹੇ ਹਨ ਅਤੇ ਉਨ੍ਹਾਂ ਦੇ ਨਜ਼ਦੀਕੀਆਂ ਲਈ ਦੁਵੱਲੇ ਸਬੰਧਾਂ ਨੂੰ ਸ਼ੀਤ ਯੁੱਧ ਦੇ ਨਜ਼ਰੀਏ ਤੋਂ ਦੇਖਣਾ ਗਲਤ ਹੈ। ਉਨ੍ਹਾਂ ਕਿਹਾ ਕਿ ਰੂਸ ਦੇ ਨਾਲ ਚੀਨ ਦੇ ਸਬੰਧਾਂ ਨੂੰ ਗਠਜੋੜ ਤੋਂ ਵੱਖ, ਕਿਸੇ ਵੀ ਟਕਰਾਅ ਤੋਂ ਵੱਖ ਅਤੇ ਕਿਸੇ ਵੀ ਤੀਜੀ ਧਿਰ ਵਿਰੁੱਧ ਨਿਸ਼ਾਨਾ ਬਣਾਏ ਗਏ ਨਿਸ਼ਾਨੇ ਤੋਂ ਵੱਖ ਵਜੋਂ ਦੇਖਿਆ ਜਾਣਾ ਚਾਹੀਦਾ ਹੈ।

ਚੀਨ-ਰੂਸ ਵਪਾਰ ਵਿੱਚ ਅਮਰੀਕੀ ਡਾਲਰ ਅਤੇ ਯੂਰੋ ਦੀ ਵਰਤੋਂ ਨਾ ਕਰਨ ਬਾਰੇ ਪੁੱਛੇ ਗਏ ਸਵਾਲ 'ਤੇ ਚੀਨੀ ਵਿਦੇਸ਼ ਮੰਤਰੀ ਕਿਨ ਨੇ ਕਿਹਾ ਕਿ ਚੀਨ ਅਜਿਹੀ ਮੁਦਰਾ ਦੀ ਵਰਤੋਂ ਕਰੇਗਾ ਜੋ ਸੁਰੱਖਿਅਤ ਅਤੇ ਭਰੋਸੇਮੰਦ ਹੋਵੇ। ਉਨ੍ਹਾਂ ਕਿਹਾ, ਇਕਤਰਫ਼ਾ ਪਾਬੰਦੀਆਂ ਲਈ ਮੁਦਰਾ ਨੂੰ ਟਰੰਪ ਕਾਰਡ ਵਜੋਂ ਨਹੀਂ ਵਰਤਿਆ ਜਾਣਾ ਚਾਹੀਦਾ ਹੈ। ਯੂਕਰੇਨ ਯੁੱਧ ਬਾਰੇ ਕਿਨ ਨੇ ਕਿਹਾ ਕਿ ਯੂਕਰੇਨ ਸੰਕਟ ਯੂਰਪੀ ਸੁਰੱਖਿਆ ਸ਼ਾਸਨ ਪ੍ਰਣਾਲੀ ਦੀਆਂ ਖਾਮੀਆਂ ਦਾ ਨਤੀਜਾ ਹੈ।

ਕਿਨ ਨੇ ਕਿਹਾ ਕਿ ਯੂਕਰੇਨ ਸੰਕਟ ਅਜਿਹੇ ਮੋੜ 'ਤੇ ਆ ਗਿਆ ਹੈ ਜਿੱਥੇ ਸ਼ਾਂਤੀ, ਤਰਕ ਅਤੇ ਗੱਲਬਾਤ ਦੀ ਲੋੜ ਹੈ। ਉਨ੍ਹਾਂ ਕਿਹਾ, ਸ਼ਾਂਤੀ ਸਥਾਪਤ ਕਰਨ ਲਈ ਤੁਰੰਤ ਗੱਲਬਾਤ ਹੋਣੀ ਚਾਹੀਦੀ ਹੈ ਅਤੇ ਸਾਰੀਆਂ ਧਿਰਾਂ ਦੀਆਂ ਚਿੰਤਾਵਾਂ ਦਾ ਸਨਮਾਨ ਕੀਤਾ ਜਾਣਾ ਚਾਹੀਦਾ ਹੈ। ਵਿਦੇਸ਼ ਮੰਤਰੀ ਨੇ ਕਿਹਾ ਕਿ ਚੀਨ ਪੁਰਾਣੇ ਦੋਸਤਾਂ ਨਾਲ ਸਬੰਧ ਬਣਾਏ ਰੱਖੇਗਾ ਅਤੇ ਮਜ਼ਬੂਤ ਕਰੇਗਾ।

# ਅੱਬਾਸ-ਨਿਖਤ ਮਾਮਲੇ 'ਚ ਵੱਡਾ ਖੁਲਾਸਾ: ਜੇਲ੍ਹ 'ਚ ਮੁਲਾਕਾਤ ਦੀ ਕੀਮਤ 6 ਲੱਖ ਰੁਪਏ, 1 ਕਾਰ ਤੇ 2 ਮੋਬਾਈਲ ਫੋਨ

***ਜੇਲ ਅਧਿਕਾਰੀਆਂ ਦੀ ਰਿਹਾਇਸ਼ ਉਤੇ ਛਾਪਾ**



ਉਤਰ ਪ੍ਰਦੇਸ਼, 7 ਮਾਰਚ (ਪੋਸਟ ਬਿਊਰੋ): ਉਤਰ ਪ੍ਰਦੇਸ਼ ਦੀ ਚਿਤਰਕੂਟ ਜੇਲ੍ਹ ਵਿੱਚ ਵਿਧਾਇਕ ਅੱਬਾਸ ਅੰਸਾਰੀ ਅਤੇ ਉਸ ਦੀ ਪਤਨੀ ਨਿਖਤ ਦੀ ਗੈਰਕਾਨੂੰਨੀ ਮੁਲਾਕਾਤ ਦੇ ਮਾਮਲੇ ਵਿੱਚ ਪੁਲੀਸ ਨੇ ਜੇਲ੍ਹ ਅਧਿਕਾਰੀਆਂ ਦੀ ਰਿਹਾਇਸ਼ ਤੋਂ ਕਰੀਬ ਛੇ ਲੱਖ ਰੁਪਏ ਦੀ ਨਕਦੀ, ਇੱਕ ਕਾਰ ਅਤੇ ਦੋ ਮੋਬਾਈਲ ਫ਼ੋਨ ਬਰਾਮਦ ਕੀਤੇ ਹਨ। ਪੁਲਿਸ ਨੇ ਇਸ ਸਬੰਧੀ ਜਾਣਕਾਰੀ ਦਿੱਤੀ। ਪੁਲਿਸ ਨੇ ਦੱਸਿਆ ਕਿ ਇਸ ਮਾਮਲੇ ਵਿੱਚ ਹੁਣ ਤੱਕ ਜੇਲ੍ਹ ਸੁਪਰਡੈਂਟ ਅਤੇ ਜੇਲ੍ਹਰ ਸਮੇਤ ਕੁੱਲ ਅੱਠ ਵਿਅਕਤੀ ਜੇਲ੍ਹ ਜਾ ਚੁੱਕੇ ਹਨ।

ਪੁਲਸ ਸੁਪਰਡੈਂਟ ਵਰਿੰਦਾ ਸ਼ੁਕਲਾ ਨੇ ਦੱਸਿਆ ਕਿ ਚਿਤਰਕੂਟ ਜੇਲ 'ਚ ਵਿਧਾਇਕ ਅੱਬਾਸ ਅੰਸਾਰੀ ਅਤੇ ਉਨ੍ਹਾਂ ਦੀ ਪਤਨੀ ਨਿਖਤ ਬਾਨੋ ਦੀ ਗੈਰ-ਕਾਨੂੰਨੀ ਮੁਲਾਕਾਤ ਦਾ ਸਭ ਤੋਂ ਵੱਡਾ ਕਾਰਨ ਹੈ ਮੋਟੀ ਰਕਮ ਅਤੇ ਮਹਿੰਗੇ ਤੋਹਫਿਆਂ ਦਾ ਲਾਲਚ। ਉਨ੍ਹਾਂ ਦੱਸਿਆ ਕਿ ਜੇਲ੍ਹ ਵਿੱਚ ਰਹਿਣ ਦੌਰਾਨ ਅੱਬਾਸ ਨੂੰ ਜੇਲ੍ਹ ਸੁਪਰਡੈਂਟ, ਜੇਲ੍ਹਰ, ਡਿਪਟੀ ਜੇਲ੍ਹਰ ਅਤੇ ਵਾਰਡਨ ਦਾ ਪੂਰਾ ਸਹਿਯੋਗ ਮਿਲਿਆ। ਉਨ੍ਹਾਂ ਦੱਸਿਆ ਕਿ ਸੋਮਵਾਰ ਨੂੰ ਜੇਲ੍ਹ ਸੁਪਰਡੈਂਟ ਅਸ਼ੋਕ ਸਾਗਰ, ਜੇਲ੍ਹਰ ਸੰਤੋਸ਼ ਕੁਮਾਰ ਅਤੇ ਵਾਰਡਨ ਜਗਮੋਹਨ ਦੀ ਮੈਡੀਕਲ ਜਾਂਚ ਤੋਂ ਬਾਅਦ ਪੁਲਿਸ ਨੇ ਉਨ੍ਹਾਂ ਨੂੰ ਲਖਨਊ ਭੇਜ ਦਿੱਤਾ, ਜਿੱਥੇ ਤਿੰਨਾਂ ਨੂੰ ਭ੍ਰਿਸ਼ਟਾਚਾਰ ਵਿਰੋਧੀ ਅਦਾਲਤ ਵਿੱਚ ਪੇਸ਼ ਕੀਤਾ ਗਿਆ।

ਪੁਲਿਸ ਸੁਪਰਡੈਂਟ ਨੇ ਦੱਸਿਆ ਕਿ ਪੁਲਿਸ ਨੇ ਇਨ੍ਹਾਂ ਦੇ ਕਬਜ਼ੇ 'ਚੋਂ ਕਰੀਬ 6 ਲੱਖ ਦੀ ਨਗਦੀ, ਇਕ ਕਾਰ ਅਤੇ ਦੋ ਮੋਬਾਈਲ ਬਰਾਮਦ ਕੀਤੇ ਹਨ । ਪੁਲੀਸ ਸੁਪਰਡੈਂਟ ਨੇ ਦੱਸਿਆ ਕਿ ਜ਼ਿਲ੍ਹਾ ਜੇਲ੍ਹ ਵਿੱਚ ਕਰੀਬ ਦੋ ਮਹੀਨਿਆਂ ਤੋਂ ਚੱਲ ਰਹੇ ਗੈਰਕਾਨੂੰਨੀ ਕੰਮ ਪਿੱਛੇ ਜੇਲ੍ਹ ਸੁਪਰਡੈਂਟ ਅਸ਼ੋਕ ਸਾਗਰ, ਜੇਲ੍ਹਰ ਸੰਤੋਸ਼ ਕੁਮਾਰ ਅਤੇ ਵਾਰਡਨ ਜਗਮੋਹਨ ਸਿੰਘ (ਤਿੰਨੋਂ ਮੁਅੱਤਲ) ਦੀ ਮੁੱਖ ਭੂਮਿਕਾ ਹੈ। ਉਨ੍ਹਾਂ ਕਿਹਾ ਕਿ ਹੁਣ ਤੱਕ ਦੀ ਜਾਂਚ ਵਿੱਚ ਇਹ ਗੱਲ ਸਾਹਮਣੇ ਆਈ ਹੈ ਕਿ ਪੈਸਿਆਂ ਦੇ ਲਾਲਚ ਵਿੱਚ ਅਤੇ ਵਿਧਾਇਕ ਅੱਬਾਸ ਅੰਸਾਰੀ ਦੇ ਪ੍ਰਭਾਵ ਹੇਠ ਉਸ ਨੂੰ ਜੇਲ੍ਹ ਵਿੱਚ ਪੂਰੀ ਛੋਟ ਦਿੱਤੀ ਗਈ ਸੀ। ਬਿਨਾਂ ਪਰਚੀ ਦੇ ਉਸ ਦੀ ਪਤਨੀ ਨਿਖਤ ਅਤੇ ਡਰਾਈਵਰ ਨਿਆਜ਼ ਡਿਪਟੀ ਜੇਲਰ ਚੰਦਰਕਲਾ ਦੇ ਕਮਰੇ ਵਿੱਚ ਮਿਲਦੇ ਸਨ। ਇਸ ਦੌਰਾਨ ਵਾਰਡਨ ਜਗਮੋਹਨ ਸਿੰਘ ਜੇਲ੍ਹ ਦੇ ਅੰਦਰ ਅਤੇ ਬਾਹਰ ਪ੍ਰਬੰਧਾਂ ਨੂੰ ਸੰਭਾਲਦਾ ਰਿਹਾ। ਇਹੀ ਵਾਰਡਨ ਕੰਟੀਨ ਚਲਾਉਣ ਵਾਲੇ ਨਵਨੀਤ ਸਚਾਨ ਦੇ ਘਰੋਂ ਛੇ ਲੱਖ ਰੁਪਏ ਲਿਆ ਕੇ ਇਨ੍ਹਾਂ ਅਧਿਕਾਰੀਆਂ ਨੂੰ ਵੰਡਦਾ ਹੈ।

ਮਾਮਲੇ ਦੀ ਜਾਂਚ ਟੀਮ ਨੇ ਜੇਲ੍ਹ ਸੁਪਰਡੈਂਟ ਦੀ ਰਿਹਾਇਸ਼ ਤੋਂ 4 ਲੱਖ ਰੁਪਏ ਦੀ ਨਕਦੀ ਅਤੇ ਜੇਲ੍ਹਰ ਦੀ ਰਿਹਾਇਸ਼ ਤੋਂ 1 ਲੱਖ 80 ਹਜ਼ਾਰ ਰੁਪਏ ਦੀ ਨਕਦੀ ਸਮੇਤ ਇੱਕ ਕਾਰ ਅਤੇ ਦੋ ਮੋਬਾਈਲ ਫ਼ੋਨ ਬਰਾਮਦ ਕੀਤੇ ਹਨ। ਪੁਲਿਸ ਸੁਪਰਡੈਂਟ ਨੇ ਕਿਹਾ, ਬਰਾਮਦ ਕੀਤੀ ਕਾਰ ਜੇਲ੍ਹਰ ਸੰਤੋਸ਼ ਨੂੰ ਤੋਹਫੇ ਵਜੋਂ ਦਿੱਤੀ ਗਈ ਸੀ। ਇਹ ਇਕ ਕਿਸ਼ਤ ਲਈ ਨਕਦ ਵਿੱਚ ਭੁਗਤਾਨ ਕੀਤਾ ਗਿਆ ਹੈ, ਇਸ ਲਈ ਇਸ ਗੱਲ ਦੀ ਸੰਭਾਵਨਾ ਹੈ ਕਿ ਇਹ ਪ੍ਰਾਪਤ ਹੋਈ ਨਕਦੀ ਤੋਂ ਭੁਗਤਾਨ ਕੀਤਾ ਗਿਆ ਹੈ। ਉਨ੍ਹਾਂ ਕਿਹਾ, 'ਨਗਦੀ ਅਤੇ ਤੋਹਫ਼ੇ ਦੇਣ ਦੀ ਪ੍ਰਕਿਰਿਆ ਕਈ ਵਾਰ ਚੱਲੀ ਹੈ, ਜਿਸ ਦੀ ਜਾਣਕਾਰੀ ਲਈ ਜਾ ਰਹੀ ਹੈ। ਹੁਣ ਤੱਕ ਪਤਾ ਲੱਗਾ ਹੈ ਕਿ 6 ਲੱਖ ਰੁਪਏ ਆਖਰੀ ਵਾਰ 7 ਫਰਵਰੀ ਨੂੰ ਦਿੱਤੇ ਗਏ ਸਨ।

# POK ਵਿੱਚ ਤਾਲਿਬਾਨੀ ਫ਼ਰਮਾਨ, ਮਹਿਲਾ ਅਧਿਆਪਕਾਂ ਅਤੇ ਵਿਦਿਆਰਥਣਾਂ ਲਈ ਹਿਜਾਬ ਲਾਜ਼ਮੀ



ਇਸਲਾਮਾਬਾਦ, 7 ਮਾਰਚ (ਪੋਸਟ ਬਿਊਰੋ): ਪਾਕਿਸਤਾਨ ਤਹਿਰੀਕ-ਏ-ਇਨਸਾਫ਼ (ਪੀਟੀਆਈ) ਦੀ ਅਗਵਾਈ ਵਾਲੀ ਸਰਕਾਰ ਨੇ ਪਾਕਿਸਤਾਨ ਦੇ ਕਬਜ਼ੇ ਵਾਲੇ ਕਸ਼ਮੀਰ ਵਿੱਚ ਵਿਦਿਅਕ ਸੰਸਥਾਵਾਂ ਵਿੱਚ ਵਿਦਿਆਰਥਣਾਂ ਅਤੇ ਮਹਿਲਾ ਅਧਿਆਪਕਾਂ ਲਈ ਹਿਜਾਬ ਲਾਜ਼ਮੀ ਕਰ ਦਿੱਤਾ ਹੈ। ਫੌਖ ਸਰਕਾਰ ਵੱਲੋਂ ਇਸ ਮਾਮਲੇ ਵਿੱਚ ਇੱਕ ਨੋਟੀਫਿਕੇਸ਼ਨ ਜਾਰੀ ਕੀਤਾ ਗਿਆ ਹੈ। ਨੋਟੀਫਿਕੇਸ਼ਨ ਮੁਤਾਬਕ ਸਹਿ-ਵਿਦਅਕ ਸੰਸਥਾਵਾਂ ਵਿੱਚ ਵਿਦਿਆਰਥਣਾਂ ਅਤੇ ਅਧਿਆਪਕਾਂ ਲਈ ਹਿਜਾਬ ਪਹਿਨਣਾ ਲਾਜ਼ਮੀ ਹੋਵੇਗਾ। ਇਸ ਦੇ ਨਾਲ ਹੀ ਹੁਕਮਾਂ ਦੀ ਉਲੰਘਣਾ ਕਰਨ 'ਤੇ ਸੰਸਥਾ ਦੇ ਮੁਖੀ ਖ਼ਿਲਾਫ਼ ਕਾਰਵਾਈ ਕਰਨ ਦੀ ਗੱਲ ਕਹੀ ਗਈ ਹੈ।

ਲੋਕ ਸਰਦਾਰ ਤਨਵੀਰ ਦੀ ਅਗਵਾਈ ਵਾਲੀ ਪੀਟੀਆਈ ਸਰਕਾਰ ਦੇ ਇਸ ਫੈਸਲੇ ਦੀ ਸਖ਼ਤ ਆਲੋਚਨਾ ਕਰ ਰਹੇ ਹਨ। ਮਾਰੀਆਨਾ ਬਾਬਰ ਨੇ ਇਸ ਫੈਸਲੇ ਦੀ ਆਲੋਚਨਾ ਕਰਦੇ ਹੋਏ ਕਿਹਾ ਕਿ ਔਰਤਾਂ ਨੂੰ ਚੋਣ ਦਿੱਤੀ ਜਾਣੀ ਚਾਹੀਦੀ ਹੈ।

ਇੱਕ ਟਵੀਟ ਵਿੱਚ ਮਾਰੀਆਨਾ ਬਾਬਰ ਨੇ ਕਿਹਾ ਕਿ ਫੌਖ ਸਰਕਾਰ ਨੇ ਸਹਿ-ਵਿਦਿਅਕ ਸਿੱਖਿਆ ਸੰਸਥਾਵਾਂ ਵਿੱਚ ਵਿਦਿਆਰਥਣਾਂ ਅਤੇ ਮਹਿਲਾ ਅਧਿਆਪਕਾਂ ਲਈ ਹਿਜਾਬ ਪਹਿਨਣਾ ਲਾਜ਼ਮੀ ਕਰ ਦਿੱਤਾ ਹੈ। ਇਸ ਦੇ ਨਾਲ ਹੀ ਮੁਰਤਜ਼ਾ ਸੋਲਾਂਗੀ ਨੇ ਪੀਟੀਆਈ ਦੀ ਅਗਵਾਈ ਵਾਲੀ ਸਰਕਾਰ ਦੇ ਫੈਸਲੇ ਦੀ ਤੁਲਨਾ ਤਾਲਿਬਾਨ ਦੇ ਫੈਸਲੇ ਨਾਲ ਕੀਤੀ। ਪਿਛਲੇ ਸਾਲ, ਤਾਲਿਬਾਨ ਨੇ ਵੀ ਅਫਗਾਨਿਸਤਾਨ ਵਿੱਚ ਔਰਤਾਂ ਲਈ ਜਨਤਕ ਤੌਰ 'ਤੇ ਹਿਜਾਬ ਪਹਿ-ਨਣਾ ਲਾਜ਼ਮੀ ਕਰ ਦਿੱਤਾ ਸੀ।

ਪਿਛਲੇ ਸਾਲ, ਅਫਗਾਨਿਸਤਾਨ ਦੇ ਤਾਲਿਬਾਨ ਸ਼ਾਸਕਾਂ ਨੇ ਤੁਗਲਕੀ ਫ਼ਰਮਾਨ ਜਾਰੀ ਕੀਤਾ, ਜਿਸ ਵਿੱਚ ਕਿਹਾ ਗਿਆ ਸੀ ਕਿ ਸਾਰੀਆਂ ਅਫਗਾਨ ਔਰਤਾਂ ਨੂੰ ਜਨਤਕ ਤੌਰ 'ਤੇ ਸਿਰ ਤੋਂ ਪੈਰਾਂ ਤੱਕ ਕੱਪੜੇ ਪਾਉਣੇ ਚਾਹੀਦੇ ਹਨ। ਤਾਲਿਬਾਨ ਸ਼ਾਸਕਾਂ ਦੀ ਤਰਫੋਂ ਇਹ ਵੀ ਕਿਹਾ ਗਿਆ ਸੀ ਕਿ ਔਰਤਾਂ ਨੂੰ ਜਦੋਂ ਤੱਕ ਜ਼ਰੂਰੀ ਨਾ ਹੋਵੇ ਘਰ ਤੋਂ ਬਾਹਰ ਨਾ ਨਿਕਲਣ। ਹੁਕਮਾਂ ਵਿੱਚ ਇਹ ਵੀ ਕਿਹਾ ਗਿਆ ਸੀ ਕਿ ਇਸ ਡਰੈੱਸ ਕੋਡ ਦੀ ਉਲੰਘਣਾ ਕਰਨ ਵਾਲੀਆਂ ਔਰਤਾਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ। ਇਸ ਦੇ ਨਾਲ ਹੀ ਡਰੈੱਸ ਕੋਡ ਦੀ ਉਲੰਘਣਾ ਲਈ ਉਨ੍ਹਾਂ ਦੇ ਘਰ ਦੇ ਮਰਦ ਵੀ ਜ਼ਿੰਮੇਵਾਰ ਹੋਣਗੇ। ਇਸ ਤੋਂ ਪਹਿਲਾਂ ਵੀ ਤਾਲਿਬਾਨ ਸ਼ਾਸਕਾਂ ਵੱਲੋਂ ਔਰਤਾਂ ਨੂੰ ਲੈ ਕੇ ਕਈ ਫ਼ਰਮਾਨ ਦਿੱਤੇ ਜਾ ਚੁੱਕੇ ਹਨ।

# ਭਾਰਤ ਈਰਾਨ ਦੀ ਬੰਦਰਗਾਹ ਰਾਹੀਂ ਅਫਗਾਨਿਸਤਾਨ ਨੂੰ 20 ਹਜਾਰ ਮੀਟ੍ਰਿਕ ਟਨ ਕਣਕ ਭੇਜੇਗਾ

ਨਵੀਂ ਦਿੱਲੀ, 7 ਮਾਰਚ (ਪੋਸਟ ਬਿਊਰੋ): ਅਫਗਾਨਿਸਤਾਨ 'ਤੇ ਭਾਰਤ-ਮੱਧ ਏਸ਼ੀਆ ਸੰਯੁਕਤ ਕਾਰਜ ਸਮੂਹ ਦੀ ਦਿੱਲੀ 'ਚ ਹੋਈ ਪਹਿਲੀ ਬੈਠਕ 'ਚ ਭਾਰਤ ਨੇ ਚਾਬਹਾਰ ਬੰਦਰਗਾਹ ਰਾਹੀਂ ਅਫਗਾਨਿਸਤਾਨ ਨੂੰ 20,000 ਮੀਟ੍ਰਿਕ ਟਨ ਕਣਕ ਭੇਜਣ ਦਾ ਐਲਾਨ ਕੀਤਾ ਹੈ। ਮੰਗਲਵਾਰ ਨੂੰ ਹੋਈ ਇਸ ਬੈਠਕ 'ਚ ਜੰਗ ਪ੍ਰਭਾਵਿਤ ਅਫਗਾਨਿਸਤਾਨ ਦੀ ਸਥਿਤੀ 'ਤੇ ਡੂੰਘਾਈ ਨਾਲ ਚਰਚਾ ਹੋਈ। ਭਾਰਤ ਅਤੇ ਪੰਜ ਮੱਧ ਏਸ਼ੀਆਈ ਦੇਸ਼ਾਂ ਨੇ ਮੰਗਲਵਾਰ ਨੂੰ ਕਿਹਾ ਕਿ ਅਫਗਾਨਿਸਤਾਨ ਦੀ ਧਰਤੀ ਨੂੰ ਕਿਸੇ ਵੀ ਤਰ੍ਹਾਂ ਦੀਆਂ ਅੱਤਵਾਦੀ ਗਤੀਵਿਧੀਆਂ ਲਈ ਇਸਤੇਮਾਲ ਨਹੀਂ ਕੀਤਾ ਜਾਣਾ ਚਾਹੀਦਾ ਹੈ। ਇਨ੍ਹਾਂ ਦੇਸ਼ਾਂ ਨੇ ਕਾਬੁਲ ਵਿੱਚ ਇੱਕ "ਸਹੀ ਮਾਈਨੇ ਵਿਚ ਸਮਾਵੇਸ਼ੀ" ਰਾਜਨੀਤਿਕ ਢਾਂਚੇ ਦੇ ਗਠਨ 'ਤੇ ਜ਼ੋਰ ਦਿੱਤਾ ਜੋ ਔਰਤਾਂ ਸਮੇਤ ਸਾਰੇ ਅਫਗਾਨ ਲੋਕਾਂ ਦੇ ਅਧਿਕਾਰਾਂ ਦਾ ਸਨਮਾਨ ਕਰਦਾ ਹੈ। ਇੱਕ ਸਾਂਝੇ ਬਿਆਨ ਵਿੱਚ ਕਿਹਾ ਗਿਆ ਹੈ ਕਿ ਮੀਟਿੰਗ ਨੇ ਇੱਕ " ਸਹੀ ਮਾਈਨੇ ਵਿਚ ਸਮਾਵੇਸ਼ੀ ਅਤੇ ਪ੍ਰਤੀਨਿਧ ਰਾਜਨੀਤਿਕ ਢਾਂਚੇ" ਦੇ ਨਿਰਮਾਣ ਦੇ ਮਹੱਤਵ 'ਤੇ ਜ਼ੋਰ ਦਿੱਤਾ ਜੋ ਸਿੱਖਿਆ ਤੱਕ ਪਹੁੰਚ ਸਮੇਤ ਸਾਰੇ ਅਫਗਾਨਾਂ ਅਤੇ ਔਰਤਾਂ, ਲੜਕੀਆਂ ਅਤੇ ਘੱਟ ਗਿਣਤੀ ਸਮੂਹਾਂ ਦੇ ਮੈਂਬਰਾਂ ਦੇ ਅਧਿਕਾਰਾਂ ਦਾ ਸਨਮਾਨ ਕਰਦਾ ਹੈ ਅਤੇ ਬਰਾਬਰ ਅਧਿਕਾਰਾਂ ਨੂੰ ਯਕੀਨੀ ਬਣਾਉਂਦਾ ਹੈ।

Dr. Randhawa Dentistry
Your own dentist who really cares for you
We Provide the following Services:
- Dental Crowns, Veneers & Bridges
- Dental Fillings & Gum Treatment
- Root Canal (RCT), Dentures, Extraction
- Kids Dentistry
- Wisdom Tooth Surgery
- Invisalign (Invisible Braces)
- Digital X-Rays System
- Teeth Cleaning & Whitening
- Cosmetic Dental Treatment
Dr. Samreet Kaur Randhawa
General Family Dentist
New Patients welcome
Deal Directly with all Insurance Companies
- ਸੀਨੀਅਰ ਡਿਸਕਾਊਂਟ
- ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
- ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ
INVISALIGN & BRACES INCLUDING CLEAR BRACES
Invisible Braces ਜਿਹੜੀਆਂ ਕਿ ਦੂਰੋਂ ਨਜ਼ਰ ਨਹੀਂ ਆਉਂਦੀਆਂ
Show Your Smile More With Invisible Braces!
FIRST LOCATION
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044
NEW LOCATION
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111
Mayfield Rd / Mcvean Dr / Gore Rd / Squire Ellis Dr / Countryside Dr / DENTISTRY

Grand Upholstery Ltd
Sofa Company Originality in Every Piece
- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ
Special on Sale
ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ
ਕੁਆਲਿਟੀ ਮੂਹੋਂ ਬੋਲਦੀ ਹੈ
Tel: 905.791.2888 Cell: 647.293.3212
2053 Williams Pkwy, Unit -45, Brampton | Email: grandupholstery@gmail.com

Tri-City Professional Realty Inc., Brokerage.
The Future of Real Estate
www.TriCityPro.com
Number 1. Tri-City agent in Canada on basis of sales volume 2021
ਪ੍ਰਾਪਰਟੀ ਖਰੀਦਣ ਜਾਂ ਵੇਚਣ ਲਈ 36 ਸਾਲਾ ਤਜਰਬੇ ਵਾਲੇ
ਅਵਤਾਰ ਸਿੰਘ ਟਿਵਾਣਾ
NEED MORE LISTINGS
Free Evaluation of your Property
Special Packages for First Time Buyer
Arrangement of Low Mortgage rate Lawyer
Arrangement of Home Inspection
Tel: 905.793.5777
Avtar Singh Tiwana
Sales Representative
416.802.5866
31 Melanie Dr. Unit #4 Brampton, ON L6T 5H8
SOLD $1,399,999 CASTLEMORE/GOREWAY
SOLD $1,749,900 8337 ਗਲਫ ਲਾਈਨ
401 & ਗਲਫ ਲਾਈਨ ਏਰੀਆ ਵਿਚ 2.61 ਏਕੜ ਲਾਟ ਵਿਚ ਬਣਿਆ ਬਹੁਤ ਹੀ ਸੁੰਦਰ ਘਰ। ਜਿਸ ਵਿਚ 2 ਬੈਡਰੂਮ, 1 ਵਾਸ਼ਰੂਮ ਹੈ। ਆਪਣਾ ਮਨਪਸੰਦ ਦਾ ਕਸਟਮ ਡਰੀਮ ਹਾਊਸ ਬਣਾਉਣ ਲਈ ਪਰਮਿਟ ਅਪਰੂਵਡ। ਹਾਈਵੇ 410 ਅਤੇ ਟਾਊਨ ਆਫ ਮਿਲਟਨ ਦੇ ਨਜ਼ਦੀਕ। ਏਅਰਪੋਰਟ ਤੋਂ ਕੁਝ ਹੀ ਮਿੰਟਾਂ ਦੀ ਦੂਰੀ ਉਤੇ। ਹੋਰ ਜਿਆਦਾ ਜਾਣਕਾਰੀ ਲਈ ਕਾਲ ਕਰੋ: 416-802-5866
SOLD $1,950,000 26 Yellow RomeRd

REXDALE BODY SHOP
USED CAR SALE
Specialization In:
- All Kinds of Body Work
- Auto Glass Windshield
- Denting, Painting & Welding
SPECIAL PAINT JOB $779
RENTAL CAR PROVIDED
25 years of Canadian Experience
OPEN MON - SAT 9AM TO 7PM
ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ
CHEEMA
LOWEST PRICE IN TOWN
Towing Service Car Paint Starts $799*upto 100% Deductible Paid*
Call Rick or Manminder Cheema: 416.749.9596 /416.951.6431
30 Racine Rd. Toronto, ON, M9W 2Z3, FAX: 416.749.9597
www.AAABODYSHOP.ca
mcheemaaaa@hotmail.com


URGENTLY NEED NEW LISTINGS IN BRAMPTON/CALEDON
visit: www.teamjagaujla.com
ADVERTISEMENT GUARANTEED TILL SOLD
JAG AUJLA
MCNE, REAL ESTATE BROKER
416-371-7777
e-mail: j.aujla@rogers.com or visit: www.jagaujla.com
MCNE
CALL JAG AUJLA FOR A QUICK & FREE HOME EVALUATION
www.BramptonTopRealtor.com
RECENTLY LISTED/SOLD IN YOUR NEIGHBOURHOOD
Hwy 7/ Churchill Rd/Tanners Dr
ਵਧੀਆ ਲੋਕੇਸ਼ਨ, ਡਬਲ ਸਟੋਰੀ ਘਰ, 3400 ਸਕੇਅਰ ਫੁਟ, 3 ਖੁਲੇ-ਡੁਲੇ ਬੈਡਰੂਮ, ਫਿਨੀਸ਼ਡ ਬੈਸਮੈਂਟ, ਸਟੋਨ ਪੈਟਿਓ, ਪਾਵਰ ਗਰਾਜ਼ ਤੇ ਹੋਰ ਵੀ ਬਹੁਤ ਕੁਝ, ਅੱਜ ਹੀ ਸੰਪਰਕ ਕਰੋ।
Mclaughlin Rd & Steeles Ave
ਸੋਹਣਾ ਤੇ ਸਾਫ ਸੁਧਰਾ, ਮਾਡਰਨ ਲੇਆਓਟ, 3515 ਸਕੇਅਰ ਫੁਟ ਵਿਚ 4 + 2 ਬੈਡਰੂਮ ਤੇ 5 ਵਾਸ਼ਰੂਮ ਦਾ ਘਰ, ਲੈਮੀਨੇਟ ਫਲੋਰ, ਨਵੇ ਰੂਫ ਸ਼ਿੰਗਲ, ਪਿਛਲੇ ਸਾਲ ਬਣੀ ਬੈਸਮੈਂਟ। ਸੰਪਰਕ ਕਰੋ
Wanless /Queen Mary /Mclaughlin
2016 ਵਿਚ ਬਣਿਆ, ਡਬਲ ਡੋਰ ਗਰਾਜ਼, 4364 ਸਕੇਅਰ ਫੁਟ, 4 ਖੁਲੇ-ਡੁਲੇ ਬੈਡਰੂਮ ਤੇ 5 ਵਾਸ਼ਰੂਮ, ਫਿਨੀਸ਼ਡ ਬੈਸਮੈਂਟ ਜਿਸ ਨੂੰ ਸੈਪਰੇਟ ਏਨੰਟਰੈਂਸ ਤੇ 2 ਬੈਡਰੂਮ ਲਈ ਸੰਪਰਕ ਕਰੋ।
Chinguacousy & Bovaird
ਸ਼ਾਨਦਾਰ ਤੇ ਸਾਫ ਸੁਧਰਾ, ਮਾਡਰਨ ਲੇਆਓਟ ਵਿਚ 4 ਬੈਡਰੂਮ ਤੇ 4 ਵਾਸ਼ਰੂਮ ਦਾ ਘਰ, ਲੈਮੀਨੇਟ ਫਲੋਰ, ਅਪਗ੍ਰੇਡਡ ਕਿਚਨ, ਫਿਨੀਸ਼ ਬੈਸਮੈਂਟ ਤੇ ਹੋਰ ਵੀ ਕਈ ਅਪਗ੍ਰੇਡਜ਼, ਸੰਪਰਕ ਕਰੋ।
FREE
Full MLS services
Consistent marketing until your property is sold
Staging consultation
Billboard, flyer
Online Promotion
Professional pictures & virtual tour
Social media & radio advertisement
Open house till sold
Competitive rates, exceptional service & award winning results
RE/MAX REALTY SPECIALISTS INC.
Ph:905-456-3232 **Based on units sold & commissions **Some conditions apply
*Seller & Jag Aujla Broker of RE/MAX Realty Specialist Inc. must agree on the terms & conditions, closing date and listing price at the time of listing. Guaranteed program only for peel region homes under $1 million price.
Call: JAG AUJLA Dir: 416-371-7777
MCNE, Real Estate Broker
NOT INTENDED TO SOLICIT BUYERS OR SELLERS CURRENTLY UNDER CONTRACT


DEEPAK ANAND
MEMBER OF PROVINCIAL PARLIAMENT
MISSISSAUGA MALTON
happy Holi
ਹੋਲੀ ਦੇ ਤਿਉਹਾਰ ਦੀਆਂ ਬਹੁਤ ਬਹੁਤ ਵਧਾਈਆਂ
Community Office
Open Monday-Friday, 9am-5pm
7895 Tranmere Dr. Unit #11
905-696-0367


ORDER ONLINE TODAY !!!
WWW.ASIANFOODCENTRE.COM
FREE PICK UP!!!
HOME DELIVERY ALSO AVAILABLE !!!
ASIAN FOOD CENTRE
VEGETARIAN FOOD
HEALTHY EATING
FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas
SERVING FROM ALL LOCATIONS IN GTA AREA:
10 Westmore Drive Etobicoke ON M9V-3Z7 416-740-3262
21 Lacoste Blvd, Brampton, ON L6P 2K2 905 794-8109
621 Wanless drive, # 122 Brampton ON L7A 0A9 905-495-3336
1075 Ceremonial Drive Mississauga ON L5R 2Z4 905-502-1600
80 Pertosa Drive Brampton ON L5X-5E9 905-460-0009
10510 Torbram Road, Brampton 905-790-0030
2120 North park Drive Brampton ON L6S 0C9 905-793-1338
10 Pannahill Dr, Brampton 905 913-8017